### ਪੇਂਡੂ ਮਜ਼ਦੂਰ ਯੂਨੀਅਨ ਦਾ ਮੋਰਚਾ ਚੌਥੇ ਦਿਨ 'ਚ ਦਾਖ਼ਲ

# ਸੰਘਰਸ਼ ਨੂੰ ਜਥੇਬੰਦੀਆਂ ਅਤੇ ਜਮਹੂਰੀ ਲੋਕਾਂ ਦਾ ਮਿਲ ਰਿਹੈ ਭਰਵਾਂ ਸਹਿਯੋਗ



ਹੁਸ਼ਿਆਰਪੁਰ, 29 ਜੂਨ (ਆਵਾਜ਼ਿ ਕੌਮ ਬਿਊਰੋ)-ਪੇਂਡੂ ਮਜ਼ਦੂਰ ਯੂਨੀਅਨ ਪੰਜਾਬ ਵਲੋਂ 25 ਜੂਨ ਤੋਂ ਐੱਸ ਐੱਸ ਪੀ ਦਫ਼ਤਰ ਅੱਗੇ ਅਣਮਿੱਥੇ ਸਮੇਂ ਲਈ ਲਗਾਇਆ ਮੋਰਚਾ ਅੱਜ ਚੌਥੇ ਦਿਨ ਵਿੱਚ ਦਾਖਿਲ ਹੋ ਗਿਆ। ਮੋਰਚੇ ਵਿੱਚ ਵੱਡੀ ਗਿਣਤੀ ਪੇਂਡੂ ਮਜ਼ਦੂਰਾਂ ਨੇ ਸ਼ਮੂਲੀਅਤ ਕੀਤੀ। ਇਸ ਮੌਕੇ ਅੱਗ ਉਗਲਦੀ ਨਾਅਰੇਬਾਜ਼ੀ ਹੋਈ "ਪੁਲਿਸ ਸਿਆਸੀ ਗੁੰਡਾ ਗੱਠਜੋੜ ਮੁਰਦਾਬਾਦ, ਜੇਲ੍ਹ ਡੱਕੇ ਦਲਿਤ ਮਜ਼ਦੂਰਾਂ ਨੂੰ ਰਿਹਾਅ ਕਰੋ, ਐੱਮ ਐੱਲ ਏ ਟਾਂਡਾ ਅਤੇ ਉਸਦੇ ਹਮਾਇਤੀਆਂ ਖਿਲਾਫ਼ ਐੱਸ ਸੀ ਐੱਸ ਟੀ ਐਕਟ ਤੇ ਹੋਰ ਧਾਰਾਵਾਂ ਤਹਿਤ ਮਾਮਲਾ ਦਰਜ ਕਰਕੇ ਕਾਰਵਾਈ ਕਰੋ, ਦਲਿਤ ਵਿਰੋਧੀ ਭਗਵੰਤ ਮਾਨ ਸਰਕਾਰ ਤੇ ਪੁਲਿਸ ਪ੍ਰਸ਼ਾਸਨ ਮੁਰਦਾਬਾਦ, ਪੇਂਡੂ ਮਜ਼ਦੂਰਾਂ ਦਾ ਏਕਾ ਮੁਰਦਾਬਾਦ। ਇੱਕ ਪਾਸੇ ਭਗਵੰਤ ਮਾਨ ਸਰਕਾਰ ਅਤੇ ਪੁਲਿਸ ਪ੍ਰਸ਼ਾਸਨ ਸੰਘਰਸ਼ ਇਸ ਮੌਕੇ ਪੇਂਡੂ ਮਜ਼ਦੂਰ ਯੂਨੀਅਨ ਪੰਜਾਬ ਦੇ ਸੂਬਾ ਪ੍ਰੈੱਸ ਸਕੱਤਰ ਕਸ਼ਮੀਰ ਸਿੰਘ ਘੁੱਗਸ਼ੋਰ, ਸੂਬਾ ਆਗੂ ਕਮਲਜੀਤ ਸੁਨਾਵਾਂ, ਨਿਰਮਲ ਸਿੰਘ ਸ਼ੇਰਪੁਰ ਸੱਧਾ ਨੇ ਕਿਹਾ ਕਿ ਜੇਕਰ ਸਮਾਂ ਰਹਿੰਦਿਆਂ ਜੇਲ੍ਹ ਵਿੱਚ ਬੰਦ ਕੀਤੇ ਟਾਹਲੀ ਦੇ ਤਿੰਨ ਦਲਿਤ ਮਜ਼ਦੂਰਾਂ ਨੂੰ ਰਿਹਾਅ ਨਾ ਕੀਤਾ ਅਤੇ ਐੱਮ ਐੱਲ ਏ ਜਸਵੀਰ ਸਿੰਘ ਰਾਜਾ ਅਤੇ ਉਸਦੇ ਹਮਾਇਤੀਆਂ ਖਿਲਾਫ਼ ਕਾਰਵਾਈ ਨਾ ਕੀਤੀ ਤਾਂ ਸੰਘਰਸ਼ ਨੂੰ ਹੋਰ ਤੇਜ਼ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਨਸ਼ਿਆਂ, ਗੈਂਗਵਾਦ ਦੇ ਖਾਤਮੇ ਲਈ ਜ਼ਿੰਮੇਵਾਰਾਂ ਨੂੰ ਜੇਲ੍ਹ ਬੰਦ ਕਰਨ ਦੀ ਥਾਂ ਸਵਾਲ ਪੁੱਛਣ ਵਾਲੇ ਦਲਿਤਾਂ, ਮਜ਼ਦੂਰਾਂ ਨੂੰ ਜੇਲ੍ਹ ਬੰਦ ਕਰਕੇ ਪੁਲਿਸ ਅਧਿਕਾਰੀ ਕੱਛਾਂ ਵਜਾ ਰਹੇ ਹਨ। ਉਨ੍ਹਾਂ ਕਿਹਾ ਕਿ ਭਗਵੰਤ ਮਾਨ ਸਰਕਾਰ ਅਤੇ ਜ਼ਿਲ੍ਹਾ ਪ੍ਰਸ਼ਾਸਨ ਖਾਸਕਰ ਪੁਲਿਸ ਪ੍ਰਸ਼ਾਸਨ ਪੇਂਡੂ ਧਨਾਢਾਂ ਨਾਲ ਗੱਠਜੋੜ ਦਲਿਤ, ਮਜ਼ਦੂਰ ਆਗੂਆਂ ਨੂੰ ਜੇਲ੍ਹ ਵਿੱਚ ਬੰਦ ਕਰਕੇ ਪ੍ਰੋਵੈਨਸ਼ਲ ਗੌਰਮਿੰਟ ਦੀਆਂ ਅਲਾਟ ਜ਼ਮੀਨਾਂ ਤੋਂ ਨਜਾਇਜ਼ ਕਬਜ਼ੇ ਹਟਾ ਕੇ ਦਲਿਤਾਂ ਨੂੰ ਮਾਲਕੀ ਹੱਕ ਦੇਣ, ਲਾਲ ਲਕੀਰ ਵਿੱਚ ਰਹਿੰਦੇ ਲੋਕਾਂ ਨੂੰ ਮਾਲਕੀ ਹੱਕ ਦੇਣ, ਰਿਹਾਇਸ਼ੀ ਪਲਾਟ ਅਲਾਟ ਕਰਨ, ਮਜ਼ਦੂਰਾਂ ਦੀ ਦਿਹਾੜੀ ਵਿੱਚ ਵਾਧਾ ਕਰਨ ਅਤੇ ਦਲਿਤ ਮਜ਼ਦੂਰਾਂ ਉੱਪਰ ਹੋ ਰਹੇ ਅੱਤਿਆਚਾਰ ਰੋਕਣ ਲਈ ਉੱਠ ਰਹੇ ਸੰਘਰਸ਼ ਨੂੰ ਕੁਚਲਣ ਦਾ ਮਨ ਵਿੱਚ ਮਨਸੂਬਾ ਪਾਲੀ ਬੈਠੇ ਹਨ। ਇਸ ਭਰਮ ਭੁਲੇਖੇ ਨੂੰ ਜਥੇਬੰਦੀ ਚਕਨਾਚੂਰ ਜ਼ਰੂਰ ਕਰੇਗੀ। ਡੈਮੋਕ੍ਰੇਟਿਕ ਮੁਲਾਜ਼ਮ ਫੈਡਰੇਸ਼ਨ ਦੇ ਜ਼ਿਲ੍ਹਾ ਪ੍ਰਧਾਨ ਪ੍ਰਮੋਦ ਗਿੱਲ, ਜ਼ਿਲ੍ਹਾ ਬਾਰ ਐਸੋਸੀਏਸ਼ਨ ਦੇ ਜ਼ਿਲ੍ਹਾ ਪ੍ਰਧਾਨ ਐਡਵੋਕੇਟ ਰਣਜੀਤ ਕੁਮਾਰ, ਕਿਰਤੀ ਕਿਸਾਨ ਯੂਨੀਅਨ ਦੇ ਸੂਬਾ ਮੀਤ ਪ੍ਰਧਾਨ ਹਰਮੇਸ਼ ਸਿੰਘ ਢੇਸੀ, ਪੈਰਾ ਮੈਡੀਕਲ ਮੁਲਾਜ਼ਮ ਯੂਨੀਅਨ ਦੇ ਵਿਸ਼ਾਲ ਪੁਰੀ, ਮਲਟੀਪ੍ਰਪਜ਼ ਹੈਲਥ ਵਰਕਰ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਰਣਜੀਤ ਸਿੰਘ, ਆਸ਼ਾ ਵਰਕਰ ਅਤੇ ਫੈਸਿਲੀਟੇਟਰ ਵਰਕਰ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਇੰਦੂ ਰਾਣਾ, ਵਿੱਤ ਸਕੱਤਰ ਕਿਰਨ ਬਾਲਾ, ਬਲਾਕ ਦਸੂਹਾ ਪ੍ਰਧਾਨ ਤ੍ਰਿਸ਼ਲਾ, ਮੁਕੇਰੀਆਂ ਬਲਾਕ ਦੇ ਪ੍ਰਧਾਨ ਬੇਵੀ ਅਤੇ ਹਾਰਟਾਬਡਲਾ ਦੇ ਬਲਾਕ ਪ੍ਰਧਾਨ ਰਾਜ ਕੁਮਾਰ, ਪੰਜਾਬ ਖੇਤ ਮਜ਼ਦੂਰ ਸਭਾ ਦੇ ਵੀਰ ਕੁਮਾਰ, ਸੰਯੁਕਤ ਮੋਰਚਾ ਦੇ ਲੇਬਰ ਵਿੰਗ ਦੇ ਪ੍ਰਧਾਨ ਪ੍ਰਸ਼ੋਤਮ ਰਾਜ ਅਹੀਰ ਆਦਿ ਨੇ ਸੰਬੋਧਨ ਕੀਤਾ।

## .... ਸ.ਫਾ-1 ਦਾ ਬਾਕੀ ....

### ਅਕਾਲੀਆਂ 'ਤੇ ਐਸਜੀਪੀਸੀ ਸਾਬਕਾ ਪ੍ਰਧਾਨ ਦੇ ਰਗੜੇ..

ਦਾ ਵੀ ਕੋਈ ਰਿਸ਼ਤਾ ਨਹੀਂ ਹੈ। ਜਿਹੜੇ ਲੋਕ ਕਦੀਂ ਬਾਦਲ ਪਰਿਵਾਰ ਨੂੰ ਸਿਆਸੀ ਪਾਵਰ ਬੈਂਕ ਸਮਝਦੇ ਰਹੇ ਹਨ ਅਤੇ ਸਿਆਸੀ ਤਾਕਤ ਹਾਸਿਲ ਕਰਨ ਲਈ ਪੰਥ ਉੱਤੇ ਹੁੰਦਾ ਹਰ ਜ਼ੁਲਮ ਮੂਕ ਦਰਸ਼ਕ ਬਣ ਕੇ ਵੇਖਦੇ ਰਹੇ ਹਨ ਉਨ੍ਹਾਂ ਨੂੰ ਬਾਦਲ ਦੱਲ ਦੀਆਂ ਵਾਰ ਵਾਰ ਹੋ ਰਹੀਆਂ ਨਮੋਸ਼ੀਜਨਕ ਹਾਰਾਂ ਨੇ ਇਹ ਸਮਝਾ ਦਿੱਤਾ ਹੈ ਕਿ ਹੁਣ ਪੰਥ ਦੇ ਮਨਾਂ ਵਿਚੋਂ ਉੱਤਰ ਚੁੱਕਾ ਬਾਦਲ ਪ੍ਰੀਵਾਰ ਇਹਨਾਂ ਨੂੰ ਸਿਆਸੀ ਤਾਕਤ ਦੇਣ ਦੇ ਸਮਰੱਥ ਨਹੀਂ ਰਿਹਾ ਅਤੇ ਇਹਨਾਂ ਅੱਕੀਂ ਪਲਾਹੀਂ ਹੱਥ ਮਾਰਨੇ ਸ਼ੁਰੂ ਕਰ ਦਿੱਤੇ ਹਨ। ਪਰ ਹੁਣ ਖਾਲਸਾ ਪੰਥ ਸੁਚੇਤ ਹੈ, ਵਾਰ ਵਾਰ ਰੁੱਸਣ ਅਤੇ ਕੁੱਝ ਸੌਦਾ ਕਰ ਕੇ ਫਿਰ ਮੰਨ ਜਾਣ ਦੀ ਖੇਡ ਖੇਡ ਕੇ ਘਰ ਵਾਪਸੀ ਹੁੰਦੀ, ਪੰਥ ਨੇ ਬਹੁਤ ਵਾਰ ਵੇਖ ਲਈ ਹੈ। ਹੁਣ ਧੋਖਾ ਨਹੀਂ ਦਿੱਤਾ ਜਾ ਸਕਦਾ। ਵਾਰ ਵਾਰ ਪਰਖਿਆਂ ਉੱਤੇ ਪੰਥ ਕਿਵੇਂ ਵਿਸ਼ਵਾਸ਼ ਕਰੇ। ਖਾਲਸਾ ਪੰਥ ਨੂੰ ਆਪਣੀਆਂ ਪੰਥਕ ਸੰਸਥਾਵਾਂ ਦੀ ਵਕਾਰ ਬਹਾਲੀ ਅਤੇ ਆਪਣੀ ਰਾਜਨੀਤਕ ਧਿਰ ਦੀ ਸਥਾਪਤੀ ਲਈ ਲੰਬਾ ਸੰਘਰਸ਼ ਲੜਨਾਂ ਪੈਣਾਂ ਹੈ, ਪੰਜਾਬ ਪ੍ਰਸਤ ਅਤੇ ਪੰਥ ਪ੍ਰਸਤ ਨੌਜਵਾਨੀ ਨੂੰ ਨਿਰਸਵਾਰਥ ਪੰਜਾਬ ਅਤੇ ਪੰਥ ਪ੍ਰਸਤ ਸਨੇਹੀਆਂ ਦਾ ਸਾਥ ਲੈ ਕੇ ਸਾਹਮਣੇ ਆਉਣਾਂ ਪੈਣਾਂ ਹੈ। ਤਾਂ ਹੀ ਪੰਥ ਅਤੇ ਪੰਜਾਬ ਦਾ ਮਾਣ ਕਾਇਮ ਕੀਤਾ ਜਾ ਸਕਦਾ ਹੈ।

### ਸੁਖਬੀਰ ਬਾਦਲ ਦੀ ਕੁਰਸੀ 'ਤੇ ਸਿਆਸੀ ਸੰਕਟ...

ਦਲ ਦੀਆਂ ਮੀਟਿੰਗਾਂ 'ਚੋਂ ਮਜੀਠੀਆ ਗੈਰਹਾਜ਼ਰ ਹਨ। ਪਹਿਲਾਂ ਉਹ ਪਾਰਟੀ ਦੀ ਕੋਰ ਕਮੇਟੀ ਦੀ ਮੀਟਿੰਗ ਵਿਚ ਨਹੀਂ ਆਏ ਅਤੇ ਫਿਰ ਬਾਕੀ ਮੀਟਿੰਗਾਂ 'ਚ ਵੀ ਗ਼ੈਰਹਾਜ਼ਰ ਹੋਏ ਹਨ। ਜਦੋਂ ਲੋਕ ਸਭਾ ਚੋਣਾਂ ਦਾ ਪ੍ਰਚਾਰ ਚੱਲ ਰਿਹਾ ਸੀ ਤਾਂ ਉਸ ਵਕਤ ਵੀ ਮਜੀਠੀਆ ਗ਼ਾਇਬ ਰਹੇ ਸਨ। ਮਜੀਠੀਆ ਨੇ ਚੋਣ ਪ੍ਰਚਾਰ ਦੇ ਮਾਮਲੇ ਵਿਚ ਖ਼ੁਦ ਨੂੰ ਅੰਮ੍ਰਿਤਸਰ ਅਤੇ ਬਠਿੰਡਾ ਸੰਸਦੀ ਹਲਕੇ ਤੱਕ ਸੀਮਤ ਕੀਤਾ ਹੋਇਆ ਸੀ। ਸੂਤਰਾਂ ਮੁਤਾਬਕ ਹਫ਼ਤਾ ਪਹਿਲਾਂ ਮਜੀਠੀਆ ਅੰਮ੍ਰਿਤਸਰ ਆਏ ਸਨ ਅਤੇ ਦੋ ਦਿਨਾਂ ਮਗਰੋਂ ਮੁੜ ਵਾਪਸ ਚਲੇ ਗਏ। ਕੋਈ ਆਖ ਰਿਹਾ ਹੈ ਕਿ ਮਜੀਠੀਆ ਆਪਣੇ ਪਰਿਵਾਰਕ ਰੁਝੇਵੇਂ ਵਿਚ ਹਨ। ਏਨਾ ਜ਼ਰੂਰ ਦੱਸਿਆ ਜਾ ਰਿਹਾ ਹੈ ਕਿ ਉਹ ਪੰਜਾਬ ਤੋਂ ਬਾਹਰ ਸਨ।

### ਦਹਾਕਿਆਂ ਪੁਰਾਣੀ ਹੈ ਅਕਾਲੀ ਦਲ 'ਚ ਫੁੱਟ ਦੀ ਕਹਾਣੀ...

ਪੰਜਾਬ ਵਿੱਚ ਵਧੀਆ ਕੰਮ ਕਰ ਰਿਹਾ ਹੈ, ਪਰ ਮੈਂ ਭਾਜਪਾ ਹਾਈ ਕਮਾਂਡ ਦੇ ਰਵੱਈਏ ਤੋਂ ਸੰਤੁਸ਼ਟ ਨਹੀਂ ਹਾਂ। ਜਦੋਂ ਰਾਜ ਨਾਲ ਸਬੰਧਤ ਮੰਗਾਂ ਦੀ ਗੱਲ ਆਉਂਦੀ ਹੈ ਤਾਂ ਭਾਜਪਾ ਕਾਂਗਰਸ ਤੋਂ ਵੱਖਰੀ ਨਹੀਂ ਹੈ। ਸੁਖਬੀਰ ਸਿੰਘ ਬਾਦਲ ਵਾਜਪਾਈ ਸਰਕਾਰ ਵਿੱਚ ਰਾਜ ਮੰਤਰੀ ਸਨ। ਦਸੰਬਰ 1998 ਦੇ ਦੂਜੇ ਹਫ਼ਤੇ ਟੌਹੜਾ ਨੇ ਬਾਦਲ ਨੂੰ ਇੱਕ ਕਾਰਜਕਾਰੀ ਪ੍ਰਧਾਨ ਨਿਯੁਕਤ ਕਰਨ ਦੀ ਸਲਾਹ ਦਿੱਤੀ। ਆਦਮਪੁਰ ਉਪ ਚੋਣ ਵਿੱਚ ਅਕਾਲੀ ਦਲ ਦੀ ਹਾਰ ਦਾ ਹਵਾਲਾ ਦਿੰਦਿਆਂ ਉਨ੍ਹਾਂ ਦਲੀਲ ਦਿੱਤੀ ਕਿ ਪਾਰਟੀ ਨੂੰ ਹੋਰ ਸਮਾਂ ਚਾਹੀਦਾ ਹੈ। ਬਾਦਲ ਨੇ ਟੌਹੜਾ ਦੇ ਬਿਆਨ 'ਤੇ ਨਾਰਾਜ਼ਗੀ ਜਤਾਈ ਤੇ ਜਿਸ ਤੋਂ ਬਾਅਦ ਵਿਵਾਦ ਹੋ ਗਿਆ। ਇਸ ਤੋਂ ਬਾਅਦ ਸ਼੍ਰੋਮਣੀ ਕਮੇਟੀ ਪ੍ਰਧਾਨ ਖ਼ਿਲਾਫ਼ ਮੁਹਿੰਮ ਸ਼ੁਰੂ ਹੋ ਗਈ। ਇਸ ਤੋਂ ਬਾਅਦ ਭਾਜਪਾ ਨੇ ਦਾਅਵਾ ਕੀਤਾ ਕਿ ਬਾਦਲ ਨੇ ਵਾਜਪਾਈ ਤੇ ਗ੍ਰਹਿ ਮੰਤਰੀ ਲਾਲ ਕ੍ਰਿਸ਼ਨ ਅਡਵਾਨੀ ਨੂੰ ਇਸ ਬਾਰੇ ਜਾਣਕਾਰੀ ਦਿੱਤੀ ਸੀ। ਉਨ੍ਹਾਂ ਵੱਲੋਂ ਭਰੋਸਾ ਦਿੱਤਾ ਗਿਆ ਸੀ ਕਿ ਜੇਕਰ ਟੌਹੜਾ ਗਰੁੱਪ ਆਪਣਾ ਸਮਰਥਨ ਵਾਪਸ ਲੈ ਲੈਂਦਾ ਹੈ ਤਾਂ ਭਾਜਪਾ ਦੇ ਵਿਧਾਇਕ ਉਨ੍ਹਾਂ ਦੇ ਬਚਾਅ 'ਚ ਆਉਣਗੇ। ਇਸ ਤੋਂ ਬਾਅਦ ਉਨ੍ਹਾਂ ਹੀ ਲੀਡਰਾਂ ਦੇ ਸਮੂਹ ਨੇ ਸੁਖਬੀਰ ਸਿੰਘ ਬਾਦਲ ਦੀ ਕਾਰਜਕਾਰੀ ਪ੍ਰਧਾਨ ਵਜੋਂ ਨਿਯੁਕਤੀ ਦਾ ਸਵਾਗਤ ਕੀਤਾ। ਟੌਹੜਾ ਦੇ ਵਿਸ਼ਵਾਸਪਾਤਰ ਮਾਲਵਿੰਦਰ ਸਿੰਘ ਮਾਲੀ ਨੇ ਕਿਹਾ ਕਿ ਜਦੋਂ ਪ੍ਰਕਾਸ਼ ਸਿੰਘ ਬਾਦਲ ਨੇ 1996 ਦੀਆਂ ਲੋਕ ਸਭਾ ਚੋਣਾਂ ਤੋਂ ਠੀਕ ਬਾਅਦ ਭਾਜਪਾ ਨੂੰ ਆਪਣੀ ਇਕਤਰਫਾ ਬਿਨਾਂ ਸ਼ਰਤ ਹਮਾਇਤ ਦਿੱਤੀ, ਮੈਂ ਦਿੱਲੀ ਵਿੱਚ ਉਨ੍ਹਾਂ ਦੇ ਨਾਲ ਸੀ। ਮਾਯੂਸ ਹੋ ਕੇ ਟੌਹੜਾ ਨੇ ਮੈਨੂੰ ਦੱਸਿਆ ਕਿ ਬਾਦਲ ਨੇ ਉਸ ਨਾਲ ਸ਼ਰਤੀਆ ਸਮਰਥਨ ਬਾਰੇ ਹੀ ਚਰਚਾ ਕੀਤੀ ਹੈ। ਉਨ੍ਹਾਂ ਆਪਣੀ ਨਾਰਾਜ਼ਗੀ ਜਨਤਕ ਨਹੀਂ ਕੀਤੀ, ਪਰ ਉਨ੍ਹਾਂ ਦਾ ਮੰਨਣਾ ਸੀ ਕਿ ਬਿਨਾਂ ਸ਼ਰਤ ਸਮਰਥਨ ਦੇਣ ਨਾਲ ਪੰਥ ਅਤੇ ਪੰਜਾਬ ਦਾ ਨੁਕਸਾਨ ਹੋਵੇਗਾ।

### ਟਰੂਡੋ ਦਾ ਦੋਹਰੇ ਚਿਹਰਾ ਹੋਇਆ ਬੇਪਰਦਾ...

ਸਰਕਾਰ ਲਈ ਚਿੰਤਾ ਦਾ ਵਿਸ਼ਾ ਬਣਿਆ ਰਿਹਾ। ਕੈਨੇਡੀਅਨ ਸਰਕਾਰ ਨੇ ਉਸ ਦੇ ਬੈਂਕ ਖਾਤੇ ਫ੍ਰੀਜ਼ ਕਰ ਦਿੱਤੇ ਸਨ ਅਤੇ ਉਸ ਨੂੰ ਨੋ ਫਲਾਈ ਲਿਸਟ ਵਿੱਚ ਵੀ ਰੱਖਿਆ ਗਿਆ ਸੀ। ਉਸ ਤੋਂ ਕੈਨੇਡਾ ਵਿੱਚ ਸਿੱਖਾਂ ਲਈ ਗੈਰ-ਕਾਨੂੰਨੀ ਹਥਿਆਰਾਂ ਦੀ ਸਿਖਲਾਈ ਪ੍ਰੋਗਰਾਮ ਦੇ ਸਬੰਧ ਵਿੱਚ ਵੀ ਪੁੱਛਗਿੱਛ ਕੀਤੀ ਗਈ ਸੀ। ਰਿਪੋਰਟ ਵਿੱਚ ਸਾਹਮਣੇ ਆਇਆ ਹੈ ਕਿ ਨਿੱਝਰ ਕੈਨੇਡੀਅਨ ਸਰਕਾਰ ਲਈ ਵੱਡੀ ਚਿੰਤਾ ਦਾ ਵਿਸ਼ਾ ਸੀ, ਫਿਰ ਵੀ ਟਰੂਡੋ ਸਰਕਾਰ ਉਨ੍ਹਾਂ ਦੀ ਬਰਸੀ ਮਨਾ ਰਹੀ ਹੈ। ਪਿਛਲੇ ਸਾਲ ਬ੍ਰਿਟਿਸ਼ ਕੋਲੰਬੀਆ ਵਿੱਚ ਨਿੱਝਰ ਦੀ ਗੋਲੀ ਮਾਰ ਕੇ ਹੱਤਿਆ ਕਰ ਦਿੱਤੀ ਗਈ ਸੀ। ਪਿਛਲੇ ਹਫ਼ਤੇ ਹਰਦੀਪ ਸਿੰਘ ਨਿੱਝਰ ਦੀ ਪਹਿਲੀ ਬਰਸੀ ਮੌਕੇ ਕੈਨੇਡਾ ਦੀ ਪਾਰਲੀਮੈਂਟ ਵਿੱਚ ਇੱਕ ਮਿੰਟ ਦਾ ਮੌਨ ਰੱਖਿਆ ਗਿਆ ਸੀ, ਜਿਸ ਦੀ ਭਾਰਤ ਵੱਲੋਂ ਆਲੋਚਨਾ ਕੀਤੀ ਗਈ ਸੀ। 21 ਜੂਨ ਨੂੰ ਭਾਰਤ ਨੇ ਇਸ 'ਤੇ ਨਾਰਾਜ਼ਗੀ ਜਤਾਈ ਸੀ। ਵਿਦੇਸ਼ ਮੰਤਰਾਲੇ ਦੇ ਬੁਲਾਰੇ ਰਣਧੀਰ ਜੈਸਵਾਲ ਨੇ ਕਿਹਾ ਕਿ ਭਾਰਤ ਕੁਦਰਤੀ ਤੌਰ 'ਤੇ ਕਿਸੇ ਵੀ ਅਜਿਹੇ ਕਦਮ ਦਾ ਵਿਰੋਧ ਕਰਦਾ ਹੈ ਜੋ ਹਿੰਸਾ ਦੀ ਵਕਾਲਤ ਕਰਦਾ ਹੈ ਅਤੇ ਅੱਤਵਾਦ ਨੂੰ ਸਿਆਸੀ ਆਧਾਰ ਪ੍ਰਦਾਨ ਕਰਦਾ ਹੈ। ਸਤੰਬਰ 2023 'ਚ ਜਸਟਿਨ ਟਰੂਡੋ ਨੇ ਨਿੱਝਰ ਦੇ ਕਤਲ 'ਚ ਭਾਰਤ ਦੀ ਸ਼ਮੂਲੀਅਤ ਦਾ ਦੋਸ਼ ਲਾਇਆ ਸੀ, ਜਿਸ ਤੋਂ ਬਾਅਦ ਦੋਹਾਂ ਦੇਸ਼ਾਂ ਦੇ ਰਿਸ਼ਤੇ ਤਣਾਅਪੂਰਨ ਹੋ ਗਏ ਸਨ। ਹਾਲਾਂਕਿ ਭਾਰਤ ਨੇ ਟਰੂਡੋ ਦੇ ਦੋਸ਼ਾਂ ਨੂੰ ਰੱਦ ਕਰ ਦਿੱਤਾ ਹੈ। ਸਰਕਾਰ ਨੇ ਜਸਟਿਨ ਟਰੂਡੋ ਦੇ ਦੋਸ਼ਾਂ ਨੂੰ ਬੇਤੁਕਾ ਦੱਸਿਆ ਹੈ।

### ਪਰਲ ਕੰਪਨੀ ਦੇ ਠੱਗੇ ਲੋਕਾਂ....

8 ਜਾਇਦਾਦਾਂ ਰੋਪੜ ਵਿੱਚ ਹਨ। ਫ਼ਿਰੋਜ਼ਪੁਰ ਦੇ ਜ਼ੀਰਾ ਅਤੇ ਮੁਹਾਲੀ ਵਿੱਚ ਦਰਜ ਕੇਸਾਂ ਵਿੱਚ ਹੁਣ ਤੱਕ 9 ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ ਜਾ ਚੁੱਕਾ ਹੈ। ਐਸਆਈਟੀ ਨੇ ਇਸ ਸਬੰਧ ਵਿੱਚ ਲੋਢਾ ਕਮੇਟੀ ਨਾਲ ਰਿਕਾਰਡ ਵੀ ਸਾਂਝਾ ਕੀਤਾ ਹੈ। ਇਸ ਤੋਂ ਪਹਿਲਾਂ ਪੰਜਾਬ ਸਰਕਾਰ ਨੇ ਸੁਪਰੀਮ ਕੋਰਟ ਵੱਲੋਂ ਨਿਯੁਕਤ ਲੋਢਾ ਕਮੇਟੀ ਨੂੰ ਸਹਿਯੋਗ ਦੇਣ ਦੀ ਗੱਲ ਕਹੀ ਸੀ।

#### ਇਹਨਾਂ ਥਾਵਾਂ 'ਤੇ ਜਾਇਦਾਦਾਂ ਦੀ ਹੋਈ ਪਛਾਣ

ਕਰੀਮਪੁਰ ਤਹਿਸੀਲ ਦਾਖਾ, ਲੁਧਿਆਣਾ ਵਿੱਚ 4 ਏਕੜ 1 ਕਨਾਲ 14 ਮਰਲੇ। ਨਵਾਂਸ਼ਹਿਰ ਦੇ ਤਪਦੀਆਂ ਵਿੱਚ 18 ਏਕੜ ਰੋਪੜ ਦੇ ਮੌਜੀਦੀਨਪੁਰ ਵਿੱਚ 51 ਕਨਾਲ, ਗੁਰੂ ਵਿੱਚ 75 ਕਨਾਲ, ਖੰਡੋਲਾ ਵਿੱਚ 135 ਕਨਾਲ, ਪਿੰਡ ਖੰਡੋਲਾ ਵਿੱਚ 10 ਕਨਾਲ, ਪਿੰਡ ਸੁਲੇਮਾਨ ਵਿੱਚ 219 ਕਨਾਲ, ਅਟਾਰੀ ਵਿੱਚ 46 ਕਨਾਲ ਜ਼ਮੀਨ। ਬਠਿੰਡਾ ਵਿੱਚ ਵਪਾਰਕ ਪਲਾਟ, ਪੁਰਾਣਾ ਹਸਪਤਾਲ ਕਮਰਸ਼ੀਅਲ ਪਲਾਟ 21780 ਵਰਗ ਗਜ਼ ਮੱਛੀ ਮੰਡੀ ਦੇ ਸਾਹਮਣੇ, ਪ੍ਰਾਈਵੇਟ ਲਿਮਟਿਡ ਮਾਲ ਰੋਡ 'ਤੇ 4.5 ਏਕੜ ਜ਼ਮੀਨ, ਭੋਖੜਾ ਵਿੱਚ ਵਪਾਰਕ ਪਲਾਟ 1 ਕਨਾਲ ਜ਼ਮੀਨ। ਮੋਹਾਲੀ ਵਿੱਚ ਵਪਾਰਕ ਪਲਾਟ।

#### ਦੇਸ਼ ਭਰ 'ਚ 5 .50 ਕਰੋੜ ਲੋਕਾਂ ਨਾਲ ਠੱਗੀ

ਪਰਲ ਗਰੁੱਪ ਨੇ ਪੰਜਾਬ ਦੇ 10 ਲੱਖ ਲੋਕਾਂ ਸਮੇਤ ਦੇਸ਼ ਦੇ 5.50 ਕਰੋੜ ਲੋਕਾਂ ਨੂੰ ਪ੍ਰਾਪਰਟੀ ਵਿੱਚ ਨਿਵੇਸ਼ ਕਰਨ ਦਾ ਮੌਕਾ ਦਿੱਤਾ। ਨਿਵੇਸ਼ਕਾਂ ਨੂੰ ਜਾਅਲੀ ਅਲਾਟਮੈਂਟ ਪੱਤਰ ਦੇ ਕੇ ਨਿਵੇਸ਼ ਕਰਨ ਦਾ ਝਾਂਸਾ ਦਿੱਤਾ ਗਿਆ ਅਤੇ ਪੈਸੇ ਦੀ ਗਬਨ ਕੀਤੀ ਗਈ। ਗਰੁੱਪ ਦੇ ਮਾਲਕ ਨੂੰ ਗ੍ਰਿਫਤਾਰ ਕਰ ਲਿਆ ਗਿਆ ਹੈ।

### ਮਾਨ ਸਰਕਾਰ ਦਾ ਵੱਡਾ ਮਾਰਕਾ....

ਰੋਡ 'ਤੇ ਟੋਲ ਪਲਾਜ਼ਾ ਬੰਦ ਕਰਕੇ ਰੋਜ਼ਾਨਾ 1.94 ਲੱਖ ਰੁਪਏ, ਮੱਖੂ ਵਿਖੇ ਸਤਲੁਜ ਦਰਿਆ 'ਤੇ ਉੱਚ ਪੱਧਰੀ ਪੁਲ ਤੋਂ ਟੋਲ ਬੰਦ ਕਰਕੇ ਰੋਜ਼ਾਨਾ 60 ਹਜ਼ਾਰ ਰੁਪਏ, ਮੋਗਾ-ਕੋਟਕਪੂਰਾ ਰੋਡ 'ਤੇ ਟੋਲ ਪਲਾਜ਼ਾ ਬੰਦ ਕਰਕੇ ਰੋਜ਼ਾਨਾ 4.50 ਲੱਖ ਰੁਪਏ, ਫਿਰੋਜ਼ਪੁਰ-ਫਾਜ਼ਿਲਕਾ ਰੋਡ 'ਤੇ 2 ਟੋਲ ਪਲਾਜ਼ੇ ਹਟਾ ਕੇ ਰੋਜਾਨਾ 6.34 ਲੱਖ ਰੁਪਏ, ਭਵਾਨੀਗੜ੍ਹ-ਨਾਭਾ-ਗੋਬਿੰਦਗੜ੍ਹ ਰੋਡ ਤੋਂ 2 ਟੋਲ ਪਲਾਜ਼ੇ ਹਟਾ ਕੇ ਰੋਜਾਨਾ 3.50 ਲੱਖ ਰੁਪਏ, ਦਾਖਾ-ਰਾਏਕੋਟ-ਬਰਨਾਲਾ ਰੋਡ ਤੋਂ 2 ਟੋਲ ਪਲਾਜ਼ਾ ਹਟਾ ਕੇ ਰੋਜ਼ਾਨਾ ਔਸਤਨ 4.50 ਲੱਖ ਰੁਪਏ ਦੀ ਰਾਹਤ ਇੰਨ੍ਹਾਂ ਸੜਕਾਂ ਤੋਂ ਗੁਜਰਨ ਵਾਲੇ ਲੋਕਾਂ ਨੂੰ ਦਿੱਤੀ ਜਾ ਰਹੀ ਹੈ। ਲੋਕ ਨਿਰਮਾਣ ਮੰਤਰੀ ਹਰਭਜਨ ਸਿੰਘ ਈ. ਨੇ ਕਿਹਾ ਕਿ ਪੰਜਾਬ ਸਰਕਾਰ ਦੇਸ਼ ਵਿੱਚ ਮਹਿੰਗਾਈ ਦੇ ਵਧੇ ਹੋਏ ਪੱਧਰ ਦੇ ਮੱਦੇਨਜ਼ਰ ਆਪਣੇ ਨਾਗਰਿਕਾਂ ਨੂੰ ਵੱਧ ਤੋਂ ਵੱਧ ਆਰਥਿਕ ਰਾਹਤ ਪ੍ਰਦਾਨ ਕਰਨ ਲਈ ਵਚਨਬੱਧ ਹੈ, ਇਸਦੇ ਨਾਲ-ਨਾਲ ਮਿਆਰੀ ਬੁਨਿਆਦੀ ਢਾਂਚੇ ਦੇ ਨਿਰਮਾਣ 'ਤੇ ਵੀ ਧਿਆਨ ਕੇਂਦਰਿਤ ਕਰ ਰਹੀ ਹੈ।

## ਇੱਕ ਨਜ਼ਰ



### ਕਾਹਨੂੰਵਾਨ ਪੁਲਿਸ ਨੂੰ ਮਿਲੀ ਵੱਡੀ ਸਫਲਤਾ, 500 ਗ੍ਰਾਮ ਅਫੀਮ ਸਮੇਤ ਇਕ ਵਿਅਕਤੀ ਨੂੰ ਕੀਤਾ ਕਾਬੂ

ਸ੍ਰੀ ਹਰਗੋਬਿੰਦਪੁਰ ਸਾਹਿਬ, 29 ਜੂਨ (ਕੁਲਜੀਤ ਸਿੰਘ ਖੋਖਰ)- ਐਸਐਸਪੀ ਸਾਹਿਬ ਗੁਰਦਾਸਪੁਰ ਜੀ ਦੇ ਦਿਸ਼ਾ ਨਿਰਦੇਸ਼ ਤਹਿਤ ਡਰੱਗ ਖਿਲਾਫ ਛੇੜੀ ਗਈ ਸਪੈਸ਼ਲ ਮਹਿਮ ਤਹਿਤ ਡੀਐਸਪੀ ਗੁਰਦਾਸਪੁਰ ਰਾਜਬੀਰ ਸਿੰਘ ਦੇ ਹੁਕਮਾਂ ਅਨੁਸਾਰ ਅਤੇ ਥਾਣਾ ਮੁਖੀ ਸਾਹਿਲ ਪਠਾਣੀਆ ਕਮਾਨ ਹੇਠ ਕਾਨੂੰਵਾਨ ਪੁਲਿਸ ਪਾਰਟੀ ਵੱਲੋਂ ਅੱਡਾ ਤੁਗਲਵਾਲ ਨਾਕਾਬੰਦੀ ਦੌਰਾਨ ਵਹੀਕਲਾਂ ਦੀ ਚੈੱਕ ਚੈਕਿੰਗ ਕੀਤੀ ਜਾ ਰਹੀ ਸੀ ਤਾਂ ਹਰਚੋਵਾਲ ਸਾਈਡ ਤੋਂ ਇੱਕ ਕਾਰ ਜਿਸ ਦਾ ਨੰਬਰ ਪੀਬੀ06 ਬੀਐਫ 4092 ਮਾਰਕਾ ਸਲੈਰੀਓ ਆਈ ਜਿਸ ਨੂੰ ਰੋਕ ਕੇ ਤਲਾਸੀ ਦੌਰਾਨ ਉਸ ਵਿੱਚੋਂ 500 ਗ੍ਰਾਮ ਅਫੀਮ ਬਰਾਮਦ ਹੋਈ ਇਸ ਦੀ ਪਹਿਚਾਣ ਲਖਵਿੰਦਰ ਸਿੰਘ ਉਰਫ ਸੋਨੂ ਪੁੱਤਰ ਅਵਤਾਰ ਸਿੰਘ ਵਾਸੀ ਭੈਣੀ ਬਾਂਗਰ ਥਾਣਾ ਕਾਦੀਆਂ ਦੱਸੀ ਗਈ ਇਸ ਦੇ ਖਿਲਾਫ ਥਾਣਾ ਕਾਹਨੂੰਵਾਨ ਵਿਖੇ ਐਨਡੀਪੀਐਸ ਐਕਟ ਅਧੀਨ ਕੇਸ ਦਰਜ ਕੀਤਾ ਗਿਆ ਹੈ ਅਤੇ ਉਸ ਕੋਲੋਂ ਹੋਰ ਰਿਕਵਰੀ ਵਾਸਤੇ ਪੁੱਛਗਿਛ ਜਾਰੀ ਹੈ।

### 6 ਜੁਲਾਈ ਨੂੰ ਸਿਹਤ ਕਰਮਚਾਰੀ ਜਲੰਧਰ ਪੱਛਮੀ ਜਿਮਨੀ ਚੋਣ 'ਚ ਕਰਨਗੇ ਰੋਸ ਮੁਜਹਾਰਾ



ਤਲਵੰਡੀ ਸਾਬੋ, 29 ਜੂਨ (ਗੁਰਜੰਟ ਸਿੰਘ ਨਥੇਹਾ)- ਸਿਹਤ ਵਿਭਾਗ ਦੇ ਮਲਟੀਪਰਪਜ ਕੇਡਰ ਦੀ ਮੁੱਖ ਜਥੇਬੰਦੀ ਮਲਟੀਪਰਪਜ ਹੈਲਥ ਇੰਪਲਾਈਜ ਮੇਲ/ਫੀਮੇਲ ਯੂਨੀਅਨ ਪੰਜਾਬ ਦੀ ਇੱਕ ਅਹਿਮ ਮੀਟਿੰਗ ਸੁਬਾਈ ਆਗੂਆਂ ਗੁਰਪ੍ਰੀਤ ਸਿੰਘ ਮੰਗਵਾਲ, ਗੁਰਦੇਵ ਸਿੰਘ ਢਿਲੋਂ, ਮਨਜੀਤ ਕੌਰ ਫਰੀਦਕੋਟ, ਪ੍ਰਭਜੀਤ ਵੇਰਕਾ, ਸੁਖਜੀਤ ਸਿੰਘ ਆਲਮਵਾਲਾ ਮੁਕਤਸਰ, ਨਰਿੰਦਰ ਸ਼ਰਮਾ ਦੀ ਪ੍ਰਧਾਨਗੀ ਹੇਠ ਜੂਮ ਐਪ ਰਾਹੀ ਹੋਈ। ਇਸ ਮੌਕੇ ਮੁਲਾਜ਼ਮਾਂ ਦੀਆਂ ਅਹਿਮ ਮੰਗਾਂ, ਕੰਟਰੈਕਟ ਦੇ ਮੁਲਾਜ਼ਮਾਂ ਦੀ ਰੈਗੂਲਰ ਪਾਲਸੀ ਨੂੰ ਅਮਲੀਜਾਮਾ ਦਿਵਾਉਣ, ਕੱਟੇ ਭੱਤੇ ਸਫਰੀ ਭੱਤਾ, ਵਰਦੀ ਭੱਤੇ ਬਹਾਲ ਕਰਨ, ਮਲਟੀਪਰਪਜ ਕੇਡਰ ਦਾ ਨਾਮ ਬਦਲਣ ਸਬੰਧੀ, 986 ਫੀਮੇਲ ਵਰਕਰਾਂ ਨੂੰ ਨਿਯੁਕਤੀ ਪੱਤਰ ਦੇਣ ਸਬੰਧੀ, ਮਲਟੀਪਰਪਜ ਕੇਡਰ ਦੀਆਂ ਪਦਉਨਤੀਆਂ ਸਮਾਬੱਧ ਕਰਨ ਅਤੇ ਖਾਲੀ ਸਥਾਨਾਂ 'ਤੇ ਆਪਸੀ ਬਦਲੀਆਂ ਪਹਿਲ ਦੇ ਅਧਾਰ 'ਤੇ ਕਰਨ ਸਬੰਧੀ ਸਮੇਤ ਹੋਰ ਮੰਗਾਂ ਦੇ ਹੱਲ ਲਈ ਆ ਰਹੀਆਂ ਜਿਮਨੀ ਚੋਣਾਂ ਦੇ ਵਿੱਚ ਸੰਘਰਸ਼ ਵਿੱਢਣ ਬਾਰੇ ਵਿਸਥਾਰਪੂਰਵਕ ਚਰਚਾ ਹੋਈ। ਇਸ ਮੌਕੇ ਚਰਚਾ ਉਪਰੰਤ ਪਹਿਲੇ ਪੜਾਅ ਵਜੋਂ ਜਲੰਧਰ ਪੱਛਮੀ ਵਿਧਾਨ ਸਭਾ ਹਲਕੇ ਦੀ ਜਿਮਨੀ ਚੋਣ ਮੌਕੇ 6 ਜੁਲਾਈ ਨੂੰ ਸੁਬਾਈ ਰੋਸ ਮੁਜਾਹਰਾ ਕਰਨ ਦਾ ਫੈਸਲਾ ਕੀਤਾ ਜਿਸਦਾ ਨੋਟਿਸ ਪੰਜਾਬ ਸਰਕਾਰ ਅਤੇ ਸਿਹਤ ਵਿਭਾਗ ਨੂੰ ਭੇਜ ਦਿੱਤਾ ਹੈ। ਪ੍ਰੈੱਸ ਰਿਲੀਜ਼ ਰਾਹੀਂ ਚੰਦ ਸਿੰਘ ਬੰਗੀ ਜਿਲ੍ਹਾ ਪ੍ਰਧਾਨ ਨੇ ਦੱਸਿਆ ਕਿ ਇਸ ਰੋਸ ਮੁਜਾਹਰੇ ਦੀ ਤਿਆਰੀ ਲਈ ਸੁਬਾਈ ਆਗੂ ਪ੍ਰਭਜੀਤ ਵੇਰਕਾ ਨੂੰ ਪ੍ਰਬੰਧਕੀ ਸਕੱਤਰ ਲਾਇਆ ਗਿਆ ਹੈ ਉਨਾਂ ਦੇ ਨਾਲ ਕਸ਼ਮੀਰ ਕੌਰ, ਰਾਜਵਿੰਦਰ ਕੌਰ, ਸੰਜੀਵ ਕੁਮਾਰ, ਬਲਜੀਤ ਸਿੰਘ, ਸਤਨਾਮ ਸਿੰਘ ਬਾਰੀਆ ਹੋਣਗੇ। ਇਸ ਰੋਸ ਮੁਜਾਹਰੇ ਦੀ ਤਿਆਰੀ ਲਈ ਬਲਾਕ ਪੱਧਰ ਤੱਕ ਦੇ ਆਗੂਆਂ ਦੀਆਂ ਡਿਉਟੀਆਂ ਲਗਾ ਦਿੱਤੀਆਂ ਹਨ। ਇਸ ਮੌਕੇ ਜ਼ਿਲ੍ਹਾ ਬਠਿੰਡਾ ਵਿੱਚ ਜ਼ਿਲ੍ਹਾ ਪ੍ਰਧਾਨ ਚੰਦ ਸਿੰਘ ਬੰਗੀ, ਅਮਰਜੀਤ ਸਿੰਘ, ਓਮ ਪ੍ਰਕਾਸ਼, ਨਵਜੋਤ ਸਿੰਘ, ਗੁਰਪ੍ਰੀਤ ਸਿੰਘ (ਸੰਗਤ), ਗੁਰਵਿੰਦਰ ਸਿੰਘ, ਸੁਰੇਸ਼ ਕੁਮਾਰ, ਅਮਰਜੀਤ ਸਿੰਘ (ਭਗਤਾ), ਪਵਨ ਕੁਮਾਰ, ਜਗਸੀਰ ਸਿੰਘ ਬਾਲਿਆਂਵਾਲੀ, ਹਰਪਾਲ ਸਿੰਘ, ਗੁਰਪ੍ਰੀਤ ਸਿੰਘ, ਕੁਲਦੀਪ ਸਿੰਘ, ਜਸਕਰਨ ਸਿੰਘ, ਜਗਸੀਰ ਸਿੰਘ, ਜਗਜੀਤ ਸਿੰਘ, ਸੁਖਪਾਲ ਸਿੰਘ, ਮੋਨਿਕਾ ਰਾਨੀ, ਰਾਜਵੀਰ ਕੌਰ, ਕਿਰਨ, ਮਨਜੀਤ ਕੌਰ (ਤਲਵੰਡੀ ਸਾਬੋ) ਅਤੇ ਜਰਨੈਲ ਸਿੰਘ ਐਂਟੀ ਲਾਰਵਾ ਬਠਿੰਡਾ, ਕੇਵਲ ਸਿੰਘ ਗੋਨਿਆਣਾ ਤੋਂ ਇਲਾਵਾ ਹੋਰ ਆਗੂ ਹਾਜਰ ਸਨ।

### ਸਵਰਨ ਜਾਤੀ ਦੇ ਮੰਦਿਰਾ ਨੂੰ ਛੱਡਕੇ ਦਲਿਤਾ ਦੇ ਹੀ ਧਾਰਮਿਕ ਸਥਾਨਾ ਨੂੰ ਹੀ ਕਿਉਂ ਤੋੜਿਆ ਜਾ ਰਿਹਾ ਹੈ : ਬੇਗਮਪੁਰਾ ਟਾਇਗਰ ਫੋਰਸ

ਹੁਸ਼ਿਆਰਪੁਰ, 29 ਜੂਨ (ਆਵਾਜ਼ਿ ਕੌਮ ਬਿਊਰੋ)-ਬੇਗਮਪੁਰਾ ਟਾਇਗਰ ਫੋਰਸ ਦੇ ਚੇਅਰਮੈਨ ਤਰਸੇਮ ਦੀਵਾਨਾ ਅਤੇ ਕੌਮੀ ਪ੍ਰਧਾਨ ਧਰਮਪਾਲ ਸਾਹਨੇਵਾਲ ਦੇ ਦਿਸ਼ਾ ਨਿਰਦੇਸ਼ਾ ਅਨੁਸਾਰ ਬੇਗਮਪੁਰਾ ਟਾਇਗਰ ਫੋਰਸ ਦੀ ਇੱਕ ਮੀਟਿੰਗ ਫੋਰਸ ਦੇ ਸੂਬਾ ਪ੍ਰਧਾਨ ਬੀਰਪਾਲ ਠਰੋਲੀ ਪ੍ਰਧਾਨਗੀ ਹੇਠ ਫੋਰਸ ਦੇ ਮੁੱਖ ਦਫਤਰ ਭਗਤ ਨਗਰ ਨੇੜੇ ਮਾਡਲ ਵਿਖੇ ਹੋਈ। ਮੀਟਿੰਗ ਵਿੱਚ ਫੋਰਸ ਦੇ ਜਿਲ੍ਹਾ ਪ੍ਰਧਾਨ ਹੈਪੀ ਫਤਿਹਗੜ੍ਹ, ਸ਼ਤੀਸ ਕੁਮਾਰ ਸ਼ੇਰਗੜ ਜਿਲ੍ਹਾ ਸੀਨੀਅਰ ਮੀਤ ਪ੍ਰਧਾਨ ਵਿਸ਼ੇਸ ਤੌਰ ਤੇ ਸ਼ਿਰਕਤ ਕੀਤੀ ਮੀਟਿੰਗ ਨੂੰ ਸੰਬੋਧਨ ਕਰਦਿਆ ਆਗੂਆ ਨੇ ਕਿਹਾ ਕਿ ਆਜ਼ਾਦੀ ਦੇ 76 ਸਾਲ ਬੀਤ ਜਾਣ ਬਾਅਦ ਵੀ ਦਲਿਤ ਸਮਾਜ ਤੇ ਅਜੇ ਵੀ ਜੁਲਮ ਹੋ ਰਹੇ ਹਨ ਅਤੇ ਖਾਸ ਕਰਕੇ ਦਲਿਤ ਸਮਾਜ ਦੇ ਧਾਰਮਿਕ ਸਥਾਨਾਂ ਨੂੰ ਤੋੜਿਆ ਜਾ ਰਿਹਾ ਹੈ ਜੋ ਕਿ ਦਲਿਤ ਸਮਾਜ ਨਾਲ ਸ਼ਰੇਆਮ ਧੱਕਾ ਹੈ ਉਹਨਾ ਕਿਹਾ ਕਿ ਚੰਡੀਗੜ੍ਹ ਪ੍ਰਸ਼ਾਸਨ ਵੱਲੋਂ ਵਿਕਾਸ ਨਗਰ ਮੌਲੀ ਜਾਗਰਾ ਵਿਖੇ ਸਥਿਤ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦਾ ਮੰਦਰ ਢਾਉਣ ਦੀਆਂ ਕੋਝੀਆਂ ਹਰਕਤਾਂ ਕੀਤੀਆਂ ਜਾ ਰਹੀਆਂ ਹਨ, ਜਿਹਨਾਂ ਨੂੰ ਕਿਸੇ ਵੀ ਹਾਲਤ ਵਿੱਚ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਉਹਨਾਂ ਦੱਸਿਆ ਕਿ ਸਵਰਨ ਜਾਤੀਆਂ ਦੇ ਪੂਰੇ ਭਾਰਤ ਵਿੱਚ ਬਹੁਤ ਸਾਰੇ ਮੰਦਿਰ ਸਰਕਾਰੀ ਜਗ੍ਹਾ ਜਾਂ ਸ਼ਾਮਲਾਟਾਂ ਤੇ ਬਣੇ ਹੋਏ ਹਨ, ਅਜਿਹੇ ਮੰਦਰਾਂ ਨੂੰ ਕਦੇ ਵੀ ਨੂੰ ਢਾਇਆ ਨਹੀਂ ਜਾਂਦਾ ਸਗੋਂ ਹਰ ਰੋਜ਼ ਨਵੇਂ ਮੰਦਿਰ ਬਣ ਰਹੇ ਹਨ ਪਰ ਪ੍ਰਸ਼ਾਸਨ ਉਹਨਾ ਤੇ ਕੋਈ ਕਾਰਵਾਈ ਨਹੀ ਕਰ ਰਿਹਾ। ਇਸਦੇ ਉੱਲਟ ਦਲਿਤ ਸਮਾਜ ਨਾਲ ਸਬੰਧਿਤ ਧਾਰਮਿਕ ਸਥਾਨਾਂ ਨੂੰ ਹੀ ਹਮੇਸ਼ਾ ਨਿਸ਼ਾਨਾ ਬਣਾਇਆ ਜਾ ਰਿਹਾ ਹੈ, ਜਿਸ ਕਾਰਨ ਦਲਿਤ ਭਾਈਚਾਰੇ ਵਿੱਚ ਰੋਸ ਪਾਇਆ ਜਾ ਰਿਹਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243




# pakistan gurdwara yatra

6th november to 16th november 2024
yatra includes 25+ gurudwara sahib darshan .Accommodation in hotels and travel within pakistan and yatra start to finish point in AC coaches

ਪਾਕਿਸਤਾਨ
ਵਿਖੇ ਸ੍ਰੀ ਨਨਕਾਣਾ
ਸਾਹਿਬ ਤੋਂ ਇਲਾਵਾ 25 ਹੋਰ
ਗੁਰਦੁਆਰਾ ਸਾਹਿਬਾਨ ਦੇ ਦਰਸ਼ਨ

**£1095**

Important Note: The Jatha will depart from Jalandhar Punjab from 6th November Jalandhar to 16th November 2024 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1095 pounds including visa, transport, hotel stay and break fast.

Note: It does not include flight ticket and insurance, it has to be done by the passenger himself.

ਜ਼ਰੂਰੀ ਨੋਟ : ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 6 ਨਵੰਬਰ ਜਲੰਧਰ ਤੋਂ 16 ਨਵੰਬਰ 2024 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ ।ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਸਮੇਤ 1095 ਪੌਂਡ ਹੋਵੇਗਾ।

ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।


*-- ਗੁਰੂ ਪੰਥ ਦੇ ਸੇਵਾਦਾਰ --*

ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK

- ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall
  +447976210161
- ਭਾਈ ਬਲਜੀਤ ਸਿੰਘ ਕੰਗ/Bhai Baljit Singh Kang
  +44 7780 605230
- ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)
  +44 7568 517223

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear death of conscience is a sure death

Sant Jarnail Singh Ji Khalsa Bhindranwale

www.damdamitaksal.net

ਜਥਾ ਭਿੰਡਰਾਂ (ਮਹਿਤਾ)

ਨਾਮ ਜਪੋ ਕਿਰਤ ਕਰੋ ਵੰਡ ਛਕੋ — Naam Japo Kirat Karo Vand Shako

www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥

WAHEGURU JI KA KHALSA WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛਕ ਕੇ ਗੁਰੂ ਵਾਲੇ ਬਣੋ

Khande Bate di Pahul Shak Ke Guru Wale Bano

ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ

Join Gurbani Santhia and Gurmat Sikhia

ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ

Learn Kirtan Katha Kavishri and Dhadi Waran

ਗੁਰਮੁਖੀ ਪੰਜਾਬੀ ਸਿੱਖੋ

Learn Gurmukhi Punjabi

ਗਤਕਾ ਸਿੱਖੋ — Learn Gatka

www.damdamitaksal.net

ਆਵਾਜ਼ਿ ਕੌਮ

Daily Newspaper from U.K.

Publisher/Chief Editor

**Raghbir Singh Walsal**

E-mail : awazeqaumtv@gmail.com

www.awazeqaumtv.com

for AWAZE QAUM Channel

https://youtu.be/LQwolgxDu7I

Contact :

+447458381111

+447976210161

+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ ਯੂ.ਕੇ. ਮੁੱਖ ਸੰਪਾਦਕ

Raghbir Singh Walsall uk

ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ

24 SERVICE EVERYDAY HOURS

PURE AND NATURAL 100% VEGETARIAN

Enjoy Real Taste of PUNJAB

KD

FULLY A.C. HALL

Khehra VAISHNO DHABA

BREAKFAST LUNCH DINNER

OUR SPECIALIZATION : Au Important Ingredients used to Prepare Dishes are Grown in our own farmes.

Soup
Burger
Sandwich
Pizza
Grilled Breads
Continental Fast Food
Tandoori Snacks
Tandoori Breads
Biryani Khas
Beverages
Shakes
Desserts
Punjabi Snacks
South Indian
Kathi Roll
Pasta
Chines Food
Raita Salad

V.P.O. Mallian
Jalandhar-Amritsar G.T. Road
NEAR JANDIALA GURU
Contact
98610-00057, 99152-32757



We Accept Online & Card Payment

## ਪੰਜਾਬੀ ਸਿੱਖੋ ਬੋਲੋ ਪੜ੍ਹੋ ਲਿਖੋ

ਮਾਂ ਬੋਲੀ ਪੰਜਾਬੀ ਨੂੰ ਪਿਆਰ ਕਰੋ — Love Maa Boli Punjabi

| | | | | |
|---|---|---|---|---|
| ੳ | ਅ | ੲ | ਸ | ਹ |
| ਕ | ਖ | ਗ | ਘ | ਙ |
| ਚ | ਛ | ਜ | ਝ | ਞ |
| ਟ | ਠ | ਡ | ਢ | ਣ |
| ਤ | ਥ | ਦ | ਧ | ਨ |
| ਪ | ਫ | ਬ | ਭ | ਮ |
| ਯ | ਰ | ਲ | ਵ | ੜ |
| ਸ਼ | ਖ਼ | ਗ਼ | ਜ਼ | ਫ਼ ਲ਼ |

www.damdamitaksal.net

ਮੁਕਤਾ, ਾ ਕੰਨਾ, ਿ ਸਿਹਾਰੀ, ੀ ਬਿਹਾਰੀ, ੁ ਔਂਕੜ, ੂ ਦੁਲੈਂਕੜ, ੇ ਲਾਂ, ੈ ਦੁਲਾਵਾਂ, ੋ ਹੋੜਾ, ੌ ਕਨੌੜਾ, ੱ ਟਿੱਪੀ, ਂ ਕੰਨਾ-ਬਿੰਦੀ

www.damdamitaksal.net

੧ ੨ ੩ ੪ ੫ ੬ ੭ ੮ ੯ ੧੦

www.damdamitaksal.net

Learn Speak Read Write PUNJABI



ਦੇਗ ਤੇਗ ਫ਼ਤਿਹ - ਪੰਥ ਕੀ ਜੀਤ
ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥
ਸਲਾਨਾ ਜੋੜ ਮੇਲਾ
ਜਥੇਦਾਰ ਬਾਬਾ ਖੜਕ ਸਿੰਘ ਨਿਹੰਗ ਸਿੰਘ ਜੀ
ਧੰਨ-ਧੰਨ ਮਾਤਾ ਸਾਹਿਬ ਕੌਰ ਜੀ
ਗੁਰਮਤਿ ਸਮਾਗਮ
3 ਨਵੰਬਰ 2024 ਦਿਨ ਐਤਵਾਰ ਨੂੰ
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ
ਗੁਰਦੁਆਰਾ ਸ਼ਹੀਦਾਂ, ਜੱਸੋਵਾਲ
(ਬੱਬਰਾਂ ਦਾ ਹਾਈਕੋਰਟ)
ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ
ਦਮਦਮੀ ਟਕਸਾਲ ਭਿੰਡਰਾਂ ਵਾਲੇ, ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ,
ਪ੍ਰਧਾਨ ਭਾਈ ਲਾਲੋ ਜੀ ਸੰਤ ਸਮਾਜ, ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦਲ
ਸੰਪਰਕ ਨੰਬਰ
98141-27470





ਸਾਬਤ ਸੂਰਤਿ ਦਸਤਾਰ ਸਿਰਾ
ਦਸਤਾਰਾਂ ਹੀ ਦਸਤਾਰਾਂ
ਰੰਧਾਵਾ ਪਗੜੀ ਸੈਂਟਰ
ਦਸਤਾਰਾਂ ਦੇ ਥਾਨ ਥੋਕ ਦੇ ਭਾਅ ਖ਼ਰੀਦਣ ਲਈ ਸੰਪਰਕ ਕਰੋ।
ਦੁਨੀਆਂ ਦੇ ਕਿਸੇ ਵੀ ਕੋਨੇ 'ਚ ਦਸਤਾਰਾਂ ਮੰਗਵਾਉਣ ਲਈ ਸੰਪਰਕ ਕੀਤਾ ਜਾ ਸਕਦਾ ਹੈ।
ਇੱਥੇ ਹਰ ਤਰ੍ਹਾਂ ਦੀਆਂ ਪੱਗਾਂ ਅਤੇ ਸੁੰਦਰ ਰੁਮਾਲਾ ਸਾਹਿਬ ਮਿਲਦੇ ਹਨ।
ਰੈਣਕ ਬਾਜਾਰ, ਜਲੰਧਰ (ਪੰਜਾਬ)
ਸੰਪਰਕ ਨੰ. :
+91 98882-22446




ASA Gas Heating Solution Ltd.
Boilers
Certificates
Gas Work
Cylinders
Maintenance Services
Gas Safety Inspections
Plumbing Work
Vaillant APPROVED INSTALLER
WORCESTER Bosch Group
ਏ.ਐਸ.ਏ. ਗੈਸ ਹੀਟਿੰਗ ਸਲੂਸ਼ਨ ਲਿਮਟਿਡ ਕੰਪਨੀ ਦੇ ਮਾਲਕ ਜਾਣੇ ਪਹਿਚਾਣੇ ਗੋਲਡ ਮੈਡਲਿਸਟ ਢਾਡੀ ਜੱਥਾ ASA ਦੇ ਨੌਜਵਾਨਾਂ ਨੇ ਸ਼ੁਰੂ ਕੀਤੀ ਹੈ। ਜਿਹੜੇ ਗੈਸ ਅਤੇ ਬਿਜਲੀ ਦਾ ਕੰਮ ਬਹੁਤ ਹੀ ਤਸੱਲੀਬਖ਼ਸ਼ ਅਤੇ ਸਸਤੇ ਰੇਟਾਂ ਤੇ ਕਰਦੇ ਹਨ। ਨੌਜਵਾਨ ਬੱਚਿਆਂ ਨੇ ਨਵਾਂ ਨਵਾਂ ਆਪਣਾ ਕੰਮ ਸ਼ੁਰੂ ਕੀਤਾ ਹੈ। ਸੋ ਇਹਨਾਂ ਬੱਚਿਆਂ ਦਾ ਵੱਧ ਤੋਂ ਵੱਧ ਸਹਿਯੋਗ ਦੇਣ ਦੀ ਅਪੀਲ ਕੀਤੀ ਜਾਂਦੀ ਹੈ
Mr. Simran Singh : 0749 534 2620
asagasheatingsolutions@gmail.com
Call us now for a Free no-olbigation quote




ਵਾਹਿਗੁਰੂ ਜੀ ਕਾ ਖਾਲਸਾ ।
ਵਾਹਿਗੁਰੂ ਜੀ ਕੀ ਫ਼ਤਹਿ ॥





## ਧੰਨ ਧੰਨ ਬਾਬਾ ਦਾਸਾ ਜੀ ਦੇ 70ਵੇਂ ਸਲਾਨਾ ਜੋੜ-ਮੇਲੇ ਦੀ ਮਿੱਠੀ ਯਾਦ ਵਿਚ ਪਿੰਡ ਸਲੇਮਪੁਰ ਮਸੰਦਾਂ ਦੀ ਸਮੂੰਹ ਸਾਧ ਸੰਗਤ ਵਲੋਂ ਗੁਰੂ ਨਾਨਕ ਗੁਰਦੁਆਰਾ ਵਾਲਸਾਲ ਰੋਡ ਵਿਲਨਹਾਲ ਵਿਖੇ

# ਧਾਰਮਿਕ ਸਮਾਗਮ 30 ਜੂਨ 2024, ਦਿਨ ਐਤਵਾਰ

ਗੁਰੂ ਪਿਆਰੀ ਸਾਧ ਸੰਗਤ ਜੀਓ, ਧੰਨ ਧੰਨ ਬਾਬਾ ਦਾਸਾ ਜੀ ਦੇ 70ਵੇਂ ਸਲਾਨਾ ਜੋੜ-ਮੇਲੇ ਦੀ ਮਿੱਠੀ ਯਾਦ ਵਿੱਚ ਪਿੰਡ ਸਲੇਮਪੁਰ ਮਸੰਦਾਂ ਦੀ ਸਾਧ ਸੰਗਤ ਦੇ ਸਹਿਯੋਗ ਨਾਲ 30 ਜੂਨ 2024 ਦਿਨ ਐਤਵਾਰ ਨੂੰ ਧਾਰਮਿਕ ਸਮਾਗਮ ਕਰਵਾਏ ਜਾ ਰਹੇ ਹਨ। ਸੋ ਸਮੂੰਹ ਸਾਧ ਸੰਗਤ ਅਤੇ ਪਿੰਡ ਸਲੇਮਪੁਰ ਮਸੰਦਾਂ ਦੇ ਨਗਰ ਨਿਵਾਸੀਆਂ ਨੂੰ ਨਿਮਰਤਾ ਸਹਿਤ ਬੇਨਤੀ ਹੈ ਕਿ ਸਮਾਗਮ ਦੀ ਰੌਣਕ ਵਧਾਉਣ ਲਈ ਪਰਿਵਾਰਾਂ ਸਮੇਤ ਸ਼ਾਮਲ ਹੋ ਕੇ ਧੰਨ ਧੰਨ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀਆਂ ਖੁਸ਼ੀਆਂ ਪ੍ਰਾਪਤ ਕਰੋ ਜੀ।

### --✶ ਪ੍ਰੋਗਰਾਮ ✶--

☛ ਆਰੰਭ ਸ੍ਰੀ ਆਖੰਡਪਾਠ ਸਾਹਿਬ ਦਿਨ ਸ਼ੁਕਰਵਾਰ 28 ਜੂਨ 2024 ਸਵੇਰੇ 9:00 ਵਜੇ

☛ ਭੋਗ ਸ੍ਰੀ ਆਖੰਡਪਾਠ ਸਾਹਿਬ ਦਿਨ ਐਤਵਾਰ 30 ਜੂਨ 2024 ਸਵੇਰੇ 10 ਵਜੇ

☛ ਉਪਰੰਤ ਭਾਰੀ ਦੀਵਾਨ ਸਜਾਏ ਜਾਣਗੇ, ਜਿਸ ਵਿੱਚ ਗੁਰਬਾਣੀ ਕੀਰਤਨ (11.00 ਵਜੇ ਸਵੇਰੇ) ਅਤੇ ਕਥਾ ਦੁਆਰਾ ਜਥੇ ਸੰਗਤਾਂ ਨੂੰ ਨਿਹਾਲ ਕਰਨਗੇ

☛ ਤਿੰਨੋਂ ਦਿਨ ਗੁਰੂ ਕਾ ਲੰਗਰ ਅਤੁੱਟ ਵਰਤੇਗਾ

"WAHEGURU JI KA KHALSA
WAHEGURU JI KI FATEH"
On the special occasion of
DHAN DHAN BABA DASSA JI'S
70TH ANNUAL MELA
AKHAND PATH SAHIB
at
Guru Nanak Sikh Gurudwara Sahib
65-67 Walsall Rd, Willenhall
WV13 2RD,
United Kingdom
*Your presence is requested to attend as per programme*
*DATES: 28th June 2024 to 30th June 2024*
*28th June*
*Arambh Sri Akhand Path Sahib:9:00am*
*30th June*
*Bhog Sri Akhand Path Sahib: 10:00am*
*Kirtan: 11:00am*
*Langar: After kirtan*
*FROM:*
*ALL SANGAT OF SALEMPUR MASSANDAN*

ਗੁਰਦੁਆਰਾ ਸਾਹਿਬ ਦਾ ਪਤਾ : **Guru Nanak Gurdawara, 65-67 Walsall Road, Willenhall, WV 13 2RD**

30 ਜੂਨ, ਦਿਨ ਐਤਵਾਰ ਨੂੰ ਪ੍ਰੋਗਰਾਮ ਦਾ ਲਾਈਵ ਪ੍ਰਸਾਰਣ ਦੁਨੀਆਂ ਭਰ ਵਿੱਚ ਆਵਾਜ਼ਿ ਕੌਮ ਵੈੱਬ ਟੀ. ਵੀ. 'ਤੇ ਦੇਖਿਆ ਜਾ ਸਕਦਾ ਹੈ।

ਆਵਾਜ਼ਿ ਕੌਮ AWAZE QAUM WEB TV

**ਬੇਨਤੀ ਕਰਤਾ : ਇੰਗਲੈਂਡ ਨਿਵਾਸੀ ਸਾਧ ਸੰਗਤ, ਪਿੰਡ ਸਲੇਮਪੁਰ ਮਸੰਦਾਂ ਜ਼ਿਲ੍ਹਾ ਜਲੰਧਰ (ਪੰਜਾਬ)**

# HAYES PLANT HIRE

WE TRAIN YOU GAIN

NPORS ACCREDITED


Telescopic Handler


Excavator 360


Road Roller


Forward Tipping Dumper


Tractor


Dozer

Plant Training and Testing on All CATEGORIES OF **MACHINERY.**


Dump Truck

# HAYES PLANT HIRE

ਉਪਰੋਕਤ ਮਸ਼ੀਨਾਂ ਦੇ ਲਾਇਸੈਂਸ ਪ੍ਰਾਪਤ ਕਰਨ ਲਈ ਸੰਪਰਕ ਕਰੋ

NROPS Accredited

ਉਪਰੋਕਤ ਹਰ ਤਰ੍ਹਾਂ ਦੀ ਮਸ਼ੀਨਰੀ ਦੀ ਟਰੇਨਿੰਗ ਅਤੇ ਟੈਸਟਿੰਗ ਦੀ ਸਿਖਲਾਈ ਦਿੱਤੀ ਜਾਂਦੀ ਹੈ।

**CONTACT- 07831543004**

Hollis Farm, Clay Cross Chesterfield. S45 9BA

01246864370

ਆਵਾਜ਼ਿ ਕੌਮ AWAZE QAUM International Newspaper & WEB TV

CALL US TO BOOK YOUR CSCS LEVEL ONE COURSE.

**07715128621**


ਦਮਦਮੀ ਟਕਸਾਲ ਵੱਲੋ
ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸ਼ੁਧ ਪਾਠ ਬੋਧ ਸਮਾਗਮ
ਅਰੰਭ 20 July 2024 ਤੋ 18 August 2024 ਤੱਕ
ਭਾਗ ਲੈਣ ਵਾਲੇ ਗੁਰਸਿੱਖਾਂ ਨੂੰ ਬੇਨਤੀ ਹੈ ਕੇ ਚਿੱਟੇ ਹਜ਼ੂਰੀਏ ਲਿਓਣ ਦੀ ਕਿਰਪਾਲਤਾ ਕਰਨ । ਸੋਮਵਾਰ ਤੇ ਸ਼ੁੱਕਰਵਾਰ ਸਮਾ 6pm ਤੋ 9pm । ਸ਼ਨੀਵਾਰ ਤੇ ਐਤਵਾਰ ਸਮਾ 2pm ਤੋ 3.30pm ਅਤੇ 4pm ਤੋ 6pm । ਦਮਦਮੀ ਟਕਸਾਲ ਦੇ facebook page, youtube channel ਅਤੇ sangat tv ਤੇ ਸਿਧਾ ਪ੍ਰਸਾਰਨ ਕੀਤਾ ਜਾਵੇਗਾ । ਵਧੇਰੇ ਜਾਣਕਾਰੀ ਲਈ ਹੇਠ ਲਿਖੇ ਨੰਬਰਾਂ ਤੇ ਸੰਪਰਕ ਕਰੋ ।
GURDWARA SRI GUR HAR RAI SAHIB JI
128 HIGH STREET, WEST BROMWICH (IN UNIT), UK
07454 023 665
07940 368926
07478 804 044


ਸ੍ਰੀ ਅਕਾਲ ਸਹਾਇ
ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਇਲਾਕਾ ਨਿਵਾਸੀ ਸੰਗਤਾਂ ਦੇ ਸਹਿਯੋਗ ਨਾਲ
ਗੁਰਮਤਿ ਸਿਖਲਾਈ ਕੈਂਪ 2024 ਸਮਾਪਤੀ ਸਮਾਗਮ
ਗੁਰਦੁਆਰਾ ਬੰਗਲਾ ਸਾਹਿਬ ਰੋਹਤਕ ਵਿਖੇ ਮਿਤੀ 30 ਜੂਨ 2024 ਐਤਵਾਰ
ਸਵੇਰੇ 10:00 ਵਜੇ ਤੋਂ ਦੁਪਹਿਰ 2:00 ਵਜੇ ਤੱਕ
ਕੀਰਤਨ :
★ ਹਜ਼ੂਰੀ ਰਾਗੀ ਜੱਥਾ ਗੁਰਦੁਆਰਾ ਬੰਗਲਾ ਸਾਹਿਬ
★ ਬੱਚਿਆਂ ਦੁਆਰਾ ਸ਼ਬਦ ਕੀਰਤਨ
★ ਭਾਈ ਗੁਰਸੇਵਕ ਸਿੰਘ ਚਮਕਾਰਾ ਢਾਡੀ ਜੱਥਾ
★ ਭਾਈ ਗੁਰਸੇਵਕ ਸਿੰਘ ਰੰਗੀਲਾ ਰਾਗੀ ਜੱਥਾ
ਮਿਤੀ 30 ਜੂਨ 2024 ਦਿਨ ਐਤਵਾਰ ਦੁਪਹਿਰ 12:30 ਵਜੇ ਅੰਮ੍ਰਿਤ ਸੰਚਾਰ ਹੋਵੇਗਾ ਜੀ । ਨੋਟ : ਕਕਾਰ ਭੇਟਾ ਰਹਿਤ ਦਿੱਤੇ ਜਾਣਗੇ ਜੀ ।
ਅੰਮ੍ਰਿਤ ਛਕਣ ਦੇ ਅਭਿਲਾਖੀ ਆਪਣਾ ਨਾਮ ਗੁਰਦੁਆਰਾ ਦਫਤਰ ਵਿੱਚ ਲਿਖਵਾਉਣ ਦੀ ਕ੍ਰਿਪਾਲਤਾ ਕਰੋ ਜੀ ।
ਉਪਰੰਤ ਅਰਦਾਸ ਅਤੇ ਗੁਰੂ ਦਾ ਲੰਗਰ ਅਤੁਟ ਵਰਤੇਗਾ ।
ਜਥੇਦਾਰ ਭੁਪਿੰਦਰ ਸਿੰਘ ਜੀ ਅਸੰਧ (ਪ੍ਰਧਾਨ H.S.G.M.C.)
ਸ0 ਸੁਖਵਿੰਦਰ ਸਿੰਘ ਮੰਡੇਬਰ ਜਨਰਲ ਸਕੱਤਰ H.S.G.M.C.
ਸ0 ਹਰਭਜਨ ਸਿੰਘ ਰਾਠੌਰ ਮੈਂਬਰ H.S.G.M.C. M. 9896003836
ਬੀਬੀ ਪਰਮਿੰਦਰ ਕੌਰ ਜੀਂਦ ਮੈਂਬਰ H.S.G.M.C. M. 9416933570
ਸ0 ਸੁਦਰਸ਼ਨ ਸਿੰਘ ਭਿਵਾਨੀ ਅੰਤ੍ਰਿੰਗ ਮੈਂਬਰ H.S.G.M.C M. 9813102031
ਜਥੇਦਾਰ ਬਲਜੀਤ ਸਿੰਘ ਦਾਦੂਵਾਲ ਚੇਅਰਮੈਨ ਧਰਮ ਪ੍ਰਚਾਰ H.S.G.M.C.
ਬੇਨਤੀ ਕਰਤਾ :
ਸਕੱਤਰ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ
ਮੈਨੇਜਰ, ਗੁਰਦੁਆਰਾ ਬੰਗਲਾ ਸਾਹਿਬ, ਰੋਹਤਕ (ਹਰਿਆਣਾ)
ਸੰਪਰਕ ਨੰ0 9813230906, 9896003836, 9911325568, 9996001561
* Arun Printers, Quilla Mohalla, Rohtak. Ph. 9896455615


ਸ੍ਰੀ ਅਕਾਲ ਤਖਤ ਸਾਹਿਬ (ਸ੍ਰੀ ਹਰਿਮੰਦਰ ਸਾਹਿਬ) ਉੱਤੇ ਹਿੰਦੁਸਤਾਨੀ ਹਕੂਮਤ ਵਲੋ ੪੦
ਸਾਲ ਪਹਿਲਾਂ ਹੋਏ ਹਮਲੇ ਅਤੇ ਜੂਨ ੧੯੮੪ ਦੇ ਘੱਲੂਘਾਰੇ ਦੇ ਸ਼ਹੀਦਾਂ ਦੀ ਯਾਦ ਵਿੱਚ
ਸ਼ਹੀਦੀ ਸਮਾਗਮ
ਗੁਰੂ ਨਾਨਕ ਗੁਰਦੁਆਰਾ ਵੁਲਵਰਹੈਂਪਟਨ
(ਸੈਜਲੀ ਸਟਰੀਟ). WV2 3AJ ਵਿਖੇ
ਸਨਿਚਰਵਾਰ ੬ ਜੁਲਾਈ ਅਤੇ ਐਤਵਾਰ ੭ ਜੁਲਾਈ ੨੦੨੪ ਨੂੰ
ਸ਼ਹੀਦੀ ਸਮਾਗਮ ਰੱਖੇ ਗਏ ਨੇ।
ਸਨਿਚਰਵਾਰ ੫ ਵਜੇ ਤੋਂ ੮:੩੦ ਵਜੇ ਤਕ (ਹਾਲ ੪)
ਐਤਵਾਰ ੧੧:੩੦ ਵਜੇ ਤੋਂ ੪ ਵਜੇ ਤਕ (ਮੇਨ ਹਾਲ)
ਵਲੋਂ: ਦਮਦਮੀ ਟਕਸਾਲ ਜਥਾ ਯੂਕੇ ਅਤੇ ਯੂਰਪ ਅਤੇ ਸਮੂਹ ਸਾਧ ਸੰਗਤ
ORGANISED BY: DAMDAMI TAKSAL UK & EUROPE AND SADH SANGAT
SHAHEEDI SMAGAM
IN REMEMBRANCE OF THE SHAHEEDS OF 1984
GURU NANAK GURDWARA | 191 DUNCAN ST, WOLVERHAMPTON WV2 3AJ
GIANI SATNAM SINGH JI DAMDAMI TAKSAL
GIANI NAVDEEP SINGH JI AJNALA
GIANI SUKHRAJ SINGH JI DAMDAMI TAKSAL
BHAI AMANDEEP SINGH JI SRI DARBAR SAHIB
BHAI MAHADEEP SINGH JI SRI DARBAR SAHIB
DHADI JATHA GIANI TARLOCHAN SINGH BHAMADI
BHAI BALDEV SINGH JI DAMDAMI TAKSAL
BHAI GURJEET SINGH JI DAMDAMI TAKSAL
BHAI SUKHJINDER SINGH
BHAI HARI SINGH JI
GIANI GURJINDER SINGH JI DAMDAMI TAKSAL
GIANI BALBIR SINGH DAMDAMI TAKSAL
DHADI RASAAL SINGH CHOLA SAHIB
SATURDAY 6TH (HALL 4)
5PM-8:30PM
SUNDAY 7TH (MAIN HALL)
11:30AM-4PM
AT GNG SEDGLEY STREET
BHAI HARJINDER SINGH JI 07956 007 161 | GIANI GURJINDER SINGH JI 07400 830 403
BHAI GURJIT SINGH JI 07508 943 570 | BHAI BHERVINDER SINGH JI 07985 246 484
DAMDAMI TAKSAL JATHA (UK & EUROPE)
SIKH INSPIRE
40
1984
ਸਚਖੰਡ ਵਾਸੀ ਸੰਤ ਬਾਬਾ ਠਾਕੁਰ ਸਿੰਘ ਜੀ ਖਾਲਸਾ ਭਿੰਡਰਾਂਵਾਲੇ
ਕਾਰਜਕਾਰੀ ਮੁਖੀ ਦਮਦਮੀ ਟਕਸਾਲ
ਦੇ ਅਸ਼ੀਰਵਾਰ ਸਦਕਾ
ਆਵਾਜ਼ਿ ਕੌਮ AWAZE QAUM International Newspaper & WEB TV

ਸ੍ਰੀ ਵਾਹਿਗੁਰੂ ਜੀ ਕੀ ਫਤਿਹ

ਚਰਨ ਸ਼ਰਨ ਗੁਰ ਏਕ ਪੈਂਡਾ ਜਾਇ ਚਲ ਸਤਿਗੁਰੁ ਕੋਟਿ ਪੈਂਡਾ ਆਗੇ ਹੋਇ ਲੇਤ ਹੈ ॥

ਮਨੁੱਖਤਾ ਦੇ ਰਹਿਬਰ ਤਾਰਨਹਾਰ ਜਗਤ ਗੁਰੂ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ

# ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ. ਕੇ.

## ਵੱਲੋਂ ਪਾਕਿਸਤਾਨ ਦੇ ਇਤਿਹਾਸਕ ਸਿੱਖ ਗੁਰਦੁਆਰਾ ਸਾਹਿਬਾਨ ਦੀ ਯਾਤਰਾ

## 6 ਨਵੰਬਰ 2024 ਤੋਂ 16 ਨਵੰਬਰ 2024 ਤੱਕ ਹੋਵੇਗੀ



### ਗੁਰੂ ਪਿਆਰੀ ਸਾਧ ਸੰਗਤ ਜੀਓ, ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਿਹ

ਆਪ ਜੀ ਨੂੰ ਇਹ ਜਾਣ ਕੇ ਅਤਿਅੰਤ ਖੁਸ਼ੀ ਹੋਵੇਗੀ ਕਿ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਵੱਲੋਂ ਇੱਕ ਵਿਸ਼ਾਲ ਜਥੇ ਸਮੇਤ ਪਾਕਿਸਤਾਨ ਵਿਖੇ ਸਿੱਖ ਇਤਿਹਾਸਕ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕੀਤੀ ਜਾ ਰਹੀ ਹੈ। ਹਰ ਸਿੱਖ ਆਪਣੀ ਅਰਦਾਸ ਵਿੱਚ ਪੰਥ ਤੋਂ ਵਿਛੜੇ ਹੋਏ ਜਿਨ੍ਹਾਂ ਗੁਰਦੁਆਰਾ ਸਾਹਿਬਾਨ ਦਾ ਜ਼ਿਕਰ ਕਰਦਾ ਹੈ ਉਹਨਾਂ ਦੇ ਦਰਸ਼ਨ ਦੀਦਾਰੇ ਕਰਕੇ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੀਆਂ ਖੁਸ਼ੀਆਂ ਪ੍ਰਾਪਤ ਕਰਨ ਦਾ ਸੁਨਹਿਰੀ ਮੌਕਾ ਹੈ। ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਨਨਕਾਣਾ ਸਾਹਿਬ ਦੀ ਧਰਤੀ ਤੇ ਮਨਾਉਣ ਦੀਆਂ ਤਿਆਰੀਆਂ ਹੁਣ ਤੋਂ ਹੀ ਆਰੰਭ ਕਰਕੇ ਪਰਿਵਾਰਾਂ ਸਮੇਤ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਾਉਣ ਲਈ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਨਾਲ ਸੰਪਰਕ ਕਰੋ ਜੀ।

ਪਾਕਿਸਤਾਨ ਵਿਖੇ ਸ੍ਰੀ ਨਨਕਾਣਾ ਸਾਹਿਬ ਤੋਂ ਇਲਾਵਾ 25 ਹੋਰ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ

**£1095**

Important Note: The Jatha will depart from Jalandhar Punjab from 6th November Jalandhar to 16th November 2024 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1095 pounds including visa, transport, hotel stay and break fast.

Note: It does not include flight ticket and insurance, it has to be done by the passenger himself.

ਜਰੂਰੀ ਨੋਟ : ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 6 ਨਵੰਬਰ ਜਲੰਧਰ ਤੋਂ 16 ਨਵੰਬਰ 2024 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ । ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਸਮੇਤ 1095 ਪੌਂਡ ਹੋਵੇਗਾ।

ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।

## ਯਾਤਰਾ ਦੌਰਾਨ ਰਿਹਾਇਸ਼ ਦਾ ਪ੍ਰਬੰਧ ਹੋਟਲ ਵਿੱਚ ਹੋਵੇਗਾ।

ਬ੍ਰਿਟਿਸ਼ ਪਾਸਪੋਰਟ ਲਈ 2 ਫੋਟੋ ਅਤੇ ਇੰਡੀਅਨ ਪਾਸਪੋਰਟ ਵਾਲੇ 2 ਫੋਟੋ, ਐਪਲੀਕੇਸ਼ਨ ਫਾਰਮ ਨਾਲ ਭੇਜੀਆਂ ਜਾਣ।

- ☛ ਯਾਤਰੀ ਆਪਣੇ ਨਾਮ ਛੇਤੀ ਤੋਂ ਛੇਤੀ ਦਿੱਤੇ ਗਏ ਨੰਬਰਾਂ 'ਤੇ ਨਾਮ ਲਿਖਵਾਉਣ ਦੀ ਕ੍ਰਿਪਾਲਤਾ ਕਰਨ।
- ☛ ਯਾਤਰੀਆਂ ਦੇ ਪਾਸਪੋਰਟ ਦੀ ਮਿਆਦ ਅਗਲੇ ਸਾਲ ਜੂਨ ਮਹੀਨੇ ਤੱਕ ਜ਼ਰੂਰੀ ਹੈ।

ਪ੍ਰੋਗਰਾਮ ਵਿੱਚ ਅਦਲਾ-ਬਦਲੀ ਕਰਨ ਦੇ ਪ੍ਰਬੰਧਕਾਂ ਦੇ ਹੱਕ ਰਾਖਵੇਂ ਹਨ।

**BOOK YOUR SEATS NOW**

✶-- ਗੁਰੂ ਪੰਥ ਦੇ ਸੇਵਾਦਾਰ --✶

ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK

- ਭਾਈ ਰਘਬੀਰ ਸਿੰਘ ਵਾਲਸਾਲ/Bhai Raghbir Singh walsall
  +447976210161
- ਭਾਈ ਬਲਜੀਤ ਸਿੰਘ ਕੰਗ/Bhai Baljit Singh Kang
  +44 7780 605230
- ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)
  +44 7568 517223

Website : www.nsycuk.com
E-mail : gnstuk@hotmail.com

ਆਵਾਜ਼ਿ ਕੌਮ AWAZE QAUM International Newspaper & WEB TV







KHALSA FORGE

Explore a stunning collection of high-quality Damascus and Sarbloh Kirpans, meticulously crafted for excellence.
www.khalsaforge.com

# ਖਾਲਸਾ ਫੋਰਜ

☛ ਉੱਚ ਕੁਆਲਿਟੀ ਦੀਆਂ ਸਰਬਲੋਹ ਕਿਰਪਾਨਾਂ ਅਤੇ ਗਾਤਰਾ ਸਾਹਿਬ ਖ਼ਰੀਦਣ ਲਈ ਸੰਪਰਕ ਕਰੋ।

☛ ਆਨਲਾਈਨ ਆਰਡਰ ਵੀ ਬੁੱਕ ਕੀਤੇ ਜਾਂਦੇ ਹਨ।









**www.khalsaforge.com**

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)

## ਮਹਾਨ ਗੁਰਮਤਿ ਸਮਾਗਮ





☛ ਸ਼ਹੀਦੀ ਦਿਹਾੜਾ ਸਿੱਖ ਜਰਨੈਲ ਬਾਬਾ ਬੰਦਾ ਸਿੰਘ ਬਹਾਦਰ ਜੀ ☛ ਸਲਾਨਾ ਬਰਸੀਂ ਮਾਹਾਰਾਜਾ ਰਣਜੀਤ ਸਿੰਘ ਸਾਹਿਬ ਜੀ ☛ ਸਲਾਨਾ ਬਰਸੀਂ 12 ਵੇਂ ਮੁੱਖੀ ਦਮਦਮੀ ਟਕਸਾਲ ਸ੍ਰੀਮਾਨ ਸੰਤ ਗਿਆਨੀ ਗੁਰਬਚਨ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ।

ਸ੍ਰੀ ਅਖੰਡ ਪਾਠ ਸਾਹਿਬ ਦੀ ਆਰੰਭਤਾ ਸ਼ੁੱਕਰਵਾਰ 28 ਜੂਨ 10:00 ਵਜੇ ਹੋਵੇਗੀ ਐਤਵਾਰ 30 ਜੂਨ 10:00 ਭੋਗ ਪੈਣਗੇ । ਸ੍ਰੀ ਅਖੰਡ ਪਾਠ ਦੀ ਸੇਵਾ ਭਾਈ ਊਧਮ ਸਿੰਘ ਕਰਮੋਨਾ ਦੇ ਪ੍ਰਵਾਰ ਵੱਲੋਂ ਸੇਵਾਂ ਲਈ ਗਈ ਹੈ।

ਸ਼ਨਿੱਚਰਵਾਰ 29 ਜੂਨ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸੱਜਣਗੇ। ਐਤਵਾਰ 30 ਜੂਨ 2024 ਨੂੰ 6:30 ਵਜੇ ਸਵੇਰੇ ਚਪੈਹਿਰੇ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 9: 30 ਵਜੇ ਭੋਗ ਪੈਣਗੇ ਉਪੰਰਤ 12:30 ਵਜੇ ਤੱਕ ਦੀਵਾਨ ਸਜਣਗੇ।

ਕੀਰਤਨ ਅਤੇ ਕਥਾ ਵਾਚਕ ਕਥਾ ਰਾਹੀਂ ਗੁਰਬਾਣੀ ਕਥਾ ਗੁਰ ਇਤਿਹਾਸ ਅਤੇ ਸਿੱਖ ਇਤਿਹਾਸ ਨਾਲ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

☛ ਛਬੀਲ ਵੀ ਲੱਗੇਗੀ
☛ ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**
ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

☛ ਸ਼ੇਅਰ ਜ਼ਰੂਰੀ ਕਰਨਾ ਜੀ ☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ ਕਿ ਆਪਣਾ ਕੀਮਤੀ ਸਮਾਂ ਕੱਢਕੇ ਸਮਾਗਮਾ ਵਿਚ ਪੁਹੰਚਣ ਦੀ ਕ੍ਰਿਪਾਲਤਾ ਕਰੋ ਜੀ

**Gurdwara Sahib Shaeed Baba Deep Singh ji Damdami Taksaal**
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778

# ਇੱਕ ਨਜ਼ਰ



## ਇੰਪਲਾਈਜ ਵੈਲ.ਫੇਅਰ ਐਸੋਸੀਏਸ਼ਨ ਵੱਲੋਂ ਇੰਦਰਜੀਤ ਕੌਰ ਸਟਾ.ਫ ਨਰਸ ਨੂੰ ਸੇਵਾ ਮੁਕਤੀ ਮੌਕੇ ਦਿੱਤੀ ਨਿੱਘੀ ਵਿਦਾਇਗੀ

ਚੌਕ ਮਹਿਤਾ, 29 ਜੂਨ (ਬਾਬਾ ਸੁਖਵੰਤ ਸਿੰਘ ਚੰਨਣਕੇ)-ਸ੍ਰੀਮਤੀ ਇੰਦਰਜੀਤ ਕੌਰ ਸਟਾਫ਼ ਨਰਸ ਨੂੰ ਸੇਵਾ ਮੁਕਤੀ ਤੇ ਨਿੱਘੀ ਵਿਦਾਇਗੀ ਪਾਰਟੀ ਦਿੱਤੀ ਗਈ। ਇਸ ਮੌਕੇ ਤੇ ਇੰਪਲਾਈਜ ਵੈਲ.ਫੇਅਰ ਐਸੋਸੀਏਸ਼ਨ ਪੰਜਾਬ ਦੇ ਚੇਅਰਮੈਨ ਡਾ ਰਾਕੇਸ਼ ਸ਼ਰਮਾ ਵੱਲੋਂ ਵਿਦਾਇਗੀ ਪਾਰਟੀ ਦਾ ਆਯੋਜਨ ਸਿਵਲ ਹਸਪਤਾਲ ਅੰਮ੍ਰਿਤਸਰ ਵਿਖੇ ਹੀ ਕੀਤਾ ਗਿਆ ਚੇਅਰਮੈਨ ਡਾ ਰਾਕੇਸ਼ ਸ਼ਰਮਾ, ਸੂਬਾ ਪ੍ਰਧਾਨ ਅਚਾਰੀਆ ਗੁਰੂ ਮੀਤ, ਸੁਪਰਡੰਟ ਸਿਵਲ ਹਸਪਤਾਲ ਅੰਮ੍ਰਿਤਸਰ, ਜ਼ਿਲ੍ਹਾ ਪ੍ਰਧਾਨ ਰਘੂ ਤਲਵਾਰ, ਸਿਵਲ ਹਸਪਤਾਲ ਅੰਮ੍ਰਿਤਸਰ ਦੇ ਸੀਨੀਅਰ ਮੈਡੀਕਲ ਅ.ਫਸਰ ਇੰਚਾਰਜ਼ ਡਾਕਟਰ ਮਦਨ ਮੋਹਨ, ਸੀਨੀਅਰ ਵਾਇਸ ਪ੍ਰਧਾਨ ਕਮਲਜੀਤ ਕੌਰ ਮੇਟਰਨ, ਸੀਨੀਅਰ ਵਾਈਸ ਪ੍ਰਧਾਨ ਸ੍ਰੀਮਤੀ ਜਸਬੀਰ ਕੌਰ, ਡਾਕਟਰ ਸਰਤਾਜ ਸਿੰਘ, ਡਾਕਟਰ ਸੁਮੀਤਪਾਲ ਸਿੰਘ, ਡਾਕਟਰ ਰਵੀ ਤੇਜ਼ ਪਾਲ, ਪ੍ਰਿੰਸ ਰੇਡੀਉ ਗਰਾਫਰ, ਜਗਜੀਤ ਕੌਰ ਸਟਾਫ ਆਦਿ ਮੌਜੂਦ ਸਨ। ਸੁਪਰਡੈਂਟ ਅਚਾਰੀਆ ਗੁਰੂ ਮੀਤ ਵੱਲੋਂ ਸਾਰੇ ਸਟਾਫ ਨੂੰ ਸਬੋਧਨ ਕੀਤਾ ਗਿਆ ਅਤੇ ਸ਼੍ਰੀਮਤੀ ਇੰਦਰਜੀਤ ਕੌਰ ਸਟਾਫ਼ ਵੱਲੋਂ ਦਿਤੀਆਂ ਗਈਆਂ ਸੇਵਾਵਾਂ ਲਈ ਉਨ੍ਹਾਂ ਦਾ ਧੰਨਵਾਦ, ਸਨਮਾਨਿਤ ਕੀਤਾ ਗਿਆ।

## ਦਸਤ ਰੋਕੂ ਮੁਹਿੰਮ ਤਹਿਤ ਜਿਲ੍ਹਾ ਟਾਸਕ ਫੋਰਸ ਦੀ ਕੀਤੀ ਮੀਟਿੰਗ

ਚੌਕ ਮਹਿਤਾ, 29 ਜੂਨ (ਬਾਬਾ ਸੁਖਵੰਤ ਸਿੰਘ ਚੰਨਣਕੇ)- ਜਿਲਾ੍ ਪ੍ਰਸ਼ਾਸ਼ਨ ਦੇ ਸਹਿਯੋਗ ਨਾਲ ਸਿਹਤ ਵਿਭਾਗ ਵਲੋਂ ਗਰਮੀਆਂ ਵਿੱਚ ਬਰਸਤ ਦੇ ਮੌਸਮ ਵਿੱਚ 5 ਸਾਲ ਤੋਂ ਛੋਟੇ ਬੱਚਿਆਂ ਨੂੰ ਦਸਤ ਰੋਗ ਤੋਂ ਬਚਾਉਣ ਲਈ ਮਿਤੀ 1 ਜੁਲਾਈ ਤੋਂ 31 ਅਗਸਤ 2024 ਤੱਕ ਇੱਕ ਵਿਸ਼ੇਸ਼ ਦਸਤ ਰੋਕੂ ਮੁਹਿੰਮ ਚਲਾਈ ਜਾ ਰਹੀ ਹੈ। ਇਸ ਮੁਹਿੰਮ ਦੀ ਤਿਆਰੀ ਲਈ ਅੱਜ ਮਾਨਯੋਗ ਘਨਸ਼ਾਮ ਥੌਰੀ ਦੀ ਅਗਵਾਹੀ ਹੇਠਾਂ ਜਿਲਾ੍ ਟਾਸਕ ਫੋਰਸ ਦੀ ਵਿਸ਼ੇਸ਼ ਮੀਟਿੰਗ ਕੀਤੀ ਗਈ। ਇਸ ਮੀਟਿੰਗ ਵਿਚ ਸਿਵਲ ਸਰਜਨ ਡਾ ਸੁਮੀਤ ਸਿੰਘ, ਜਿਲਾ੍ ਟੀਕਾਕਰਣ ਅਫਸਰ ਡਾ ਭਾਰਤੀ ਧਵਨ, ਜਿਲਾ੍ ਪਰਿਵਾਰ ਭਲਾਈ ਅਫਸਰ ਡਾ ਨੀਲਮ ਭਗਤ, ਵਿਸ਼ਵ ਸਿਹਤ ਸੰਸਥਾ ਵਲੋਂ ਡਾ ਇਸ਼ਿਤਾ, ਵੱਖ-ਵੱਖ ਵਿਭਾਗਾਂ ਦੇ ਨੁਮਾਇੰਦੇ, ਸਮੂਹ ਸਿਹਤ ਅਧਿਕਾਰੀ ਅਤੇ ਸੀਨੀਅਰ ਮੈਡੀਕਲ ਅਫਸਰਾਂ ਵਲੋਂ ਸ਼ਿਰਕਤ ਕੀਤੀ ਗਈ। ਇਸ ਮੌਕੇ ਤੇ ਨੇ ਜਿਲ੍ਹਾ ਟੀਕਾਕਰਣ ਅਫਸਰ ਡਾ ਭਾਰਤੀ ਧਵਨ ਕਿਹਾ ਇਸ ਮੁਹਿੰਮ ਦਾ ਉਦੇਸ਼ ਆਮ ਲੋਕਾਂ ਨੂੰ ਦਸਤ ਰੋਗ ਦੇ ਕਾਰਣ, ਇਲਾਜ, ਸਾਵਧਾਨੀਆਂ ਅਤੇ ਵਿਸ਼ੇਸ਼ ਤੌਰ ਤੇ ਹੈਂਡ ਵਾਸ਼ਿੰਗ ਤਕਨੀਕ ਬਾਰੇ ਸੁਚੇਤ ਕਰਨਾ ਹੈ, ਕਿਉਕਿ ਦਸਤ ਰੋਗ ਨਾਲ ਹੋਣ ਵਾਲੀਆ ਮੌਤਾਂ ਰੋਕਣਯੋਗ ਹਨ। ਵਿਸ਼ਵ ਸਿਹਤ ਸੰਸਥਾ ਵਲੋਂ ਡਾ ਇਸ਼ਿਤਾ ਨੇ ਦੱਸਿਆ ਨੇ ਕਿ ਇਸ ਮੁਹਿੰਮ ਦੌਰਾਣ ਓ.ਆਰ.ਐਸ. ਕਾਰਨਰ ਹਰੇਕ ਸਿਹਤ ਕੇਂਦਰ ਵਿਚੱ ਬਣਾਉਣੇ ਯਕੀਨੀ ਬਣਾਏ ਜਾਣਗੇ ਅਤੇ ਆਸ਼ਾ ਵਰਕਰਾਂ ਵਲੋ ਓ.ਆਰ.ਐਸ. ਪੈਕਟ ਘਰਾਂ-ਘਰਾਂ ਵਿਚ ਵੰਡੇ ਜਾਣਗੇ ਤਾਂ ਕਿ ਇਨ੍ਹਾ ਬੱਚਿਆ ਵਿੱਚ ਦਸਤ ਕਾਰਣ ਹੋ ਰਹੀ ਪਾਣੀ ਦੀ ਕਮੀ ਨੂੰ ਦੂਰ ਕੀਤਾ ਜਾ ਸਕੇ। ਇਸ ਅਵਸਰ ਤੇ ਡਾ ਮਨਮੀਤ ਕੌਰ, ਡਾ ਰਾਘਵ ਗੁਪਤਾ, ਸਮੂਹ ਸੀਨੀਅਰ ਅਫਸਰ ਅਤੇ ਸਟਾਫ ਮੋਜੂਦ ਸੀ।

## ਘੁੱਦਾ ਵਿਖੇ ਸਮਾਗਮ ਦੌਰਾਨ ਜੀਤਮਹਿੰਦਰ ਸਿੰਘ ਸਿੱਧੂ ਨੇ ਕਾਂਗਰਸੀ ਵਰਕਰਾਂ ਦਾ ਕੀਤਾ ਧੰਨਵਾਦ




ਤਲਵੰਡੀ ਸਾਬੋ/ਸੰਗਤ ਮੰਡੀ, 29 ਜੂਨ (ਗੁਰਜੰਟ ਸਿੰਘ ਨਥੇਹਾ)- ਲੰਘੀਆਂ ਲੋਕ ਸਭਾ ਚੋਣਾਂ ਵਿੱਚ ਲੋਕ ਸਭਾ ਹਲਕਾ ਬਠਿੰਡਾ ਤੋਂ ਕਾਂਗਰਸ ਪਾਰਟੀ ਦੇ ਉਮੀਦਵਾਰ ਰਹਿ ਚੁੱਕੇ ਜੀਤਮਹਿੰਦਰ ਸਿੰਘ ਸਿੱਧੂ ਸਾਬਕਾ ਵਿਧਾਇਕ ਤਲਵੰਡੀ ਸਾਬੋ ਵੱਲੋਂ ਪਿਛਲੇ ਦਿਨਾਂ ਤੋਂ ਆਰੰਭੇ ਧੰਨਵਾਦੀ ਦੌਰੇ ਦੀ ਲੜੀ ਵਿੱਚ ਅੱਜ ਉਨਾਂ ਨੇ ਘੁੱਦਾ ਦੇ ਇੱਕ ਨਿੱਜੀ ਪੈਲੇਸ ’ਚ ਰੱਖੇ ਧੰਨਵਾਦੀ ਸਮਾਗਮ ਦੌਰਾਨ ਇਕੱਤਰ ਵੱਡੀ ਗਿਣਤੀ ਕਾਂਗਰਸੀ ਵਰਕਰਾਂ ਦਾ ਚੋਣਾਂ ’ਚ ਸਹਿਯੋਗ ਲਈ ਧੰਨਵਾਦ ਕਰਦਿਆਂ ਆਗਾਮੀ ਚੋਣਾਂ ਲਈ ਹੁਣੇ ਤੋਂ ਤਿਆਰੀ ਖਿੱਚ ਲੈਣ ਦਾ ਸੱਦਾ ਦਿੱਤਾ। ਕਾਂਗਰਸੀ ਵਰਕਰਾਂ ਨੂੰ ਸੰਬੋਧਨ ਹੁੰਦਿਆਂ ਜੀਤਮਹਿੰਦਰ ਸਿੰਘ ਸਿੱਧੂ ਨੇ ਕਿਹਾ ਕਿ ਲੋਕ ਸਭਾ ਹਲਕਾ ਬਠਿੰਡਾ ਦੇ ਆਏ ਚੋਣ ਨਤੀਜਿਆਂ ’ਚ ਲੋਕ ਫਤਵਾ ਖਿੜੇ ਮੱਥੇ ਕਬੂਲਦਿਆਂ ਨਤੀਜਿਆਂ ਸਬੰਧੀ ਮੰਥਨ ਪਿਛਲੇ ਦਿਨਾਂ ਤੋਂ ਚੱਲ ਰਿਹਾ ਹੈ ਪਰ ਸਮੁੱਚੇ ਲੋਕ ਸਭਾ ਹਲਕੇ ਦੇ ਕਾਂਗਰਸੀ ਵਰਕਰਾਂ ਦੇ ਉਹ ਹਮੇਸ਼ਾਂ ਰਿਣੀ ਰਹਿਣਗੇ ਜਿੰਨਾਂ ਨੇ ਜੀਅ ਜਾਨ ਨਾਲ ਚੋਣ ਮੁਹਿੰਮ ’ਚ ਦਿਨ ਰਾਤ ਇੱਕ ਕਰਕੇ ਹਿੱਸਾ ਪਾਇਆ। ਉਨਾਂ ਕਿਹਾ ਕਿ ਨਤੀਜੇ ਭਾਂਵੇ ਹੀ ਆਸ ਤੋਂ ਉਲਟ ਆਏ ਹੋਣ ਪਰ ਉਹ ਹਰੇਕ ਉਸ ਵਰਕਰ ਨਾਲ ਹਮੇਸ਼ਾਂ ਚੱਟਾਨ ਵਾਂਗ ਖੜੇ ਦਿਖਾਈ ਦੇਣਗੇ ਜਿੰਨਾਂ ਨੇ ਉਨਾਂ ਲਈ ਇੱਕ ਇੱਕ ਵੋਟ ਮੰਗਣ ਵਾਸਤੇ ਹਰ ਘਰ ਦਾ ਬੂਹਾ ਖੜਕਾਇਆ। ਉਨਾਂ ਕਿਹਾ ਕਿ ਵਰਕਰਾਂ ਦੀ ਅੱਧੀ ਰਾਤ ਨੂੰ ਪਈ ਆਵਾਜ਼ ’ਤੇ ਵੀ ਉਹ ਜ਼ੋਰਦਾਰ ਹੁੰਗਾਰਾ ਭਰਨਗੇ ਤਾਂ ਕਿ ਵਰਕਰ ਦਾ ਹੌਂਸਲਾ ਹਮੇਸ਼ਾ ਬੁਲੰਦ ਰਹੇ। ਸਿੱਧੂ ਨੇ ਇਸ ਮੌਕੇ ਕਾਂਗਰਸੀ ਵਰਕਰਾਂ ਨੂੰ ਅਪੀਲ ਕੀਤੀ ਕਿ ਹੌਂਸਲਾ ਨਹੀ ਟੁੱਟਣ ਦੇਣਾ ਸਗੋਂ ਆਉਣ ਵਾਲੀਆਂ ਪੰਚਾਇਤੀ, ਬਲਾਕ ਸੰਮਤੀ ਅਤੇ ਜਿਲ੍ਹਾ ਪ੍ਰੀਸ਼ਦ ਚੋਣਾਂ ਲਈ ਹੁਣੇ ਤੋਂ ਤਿਆਰੀ ਖਿੱਚ ਲੈਣੀ ਹੈ ਤਾਂਕਿ ਜਿੱਥੇ ਜਿਲ੍ਹਾ ਪ੍ਰੀਸ਼ਦ ਬਲਾਕ ਸੰਮਤੀ ਚੋਣਾਂ ’ਚ ਕਾਂਗਰਸ ਪਾਰਟੀ ਸ਼ਾਨਦਾਰ ਪ੍ਰਦਰਸ਼ਨ ਕਰ ਸਕੇ ਉੱਥੇ ਪਿੰਡਾਂ ’ਚ ਆਪਣੀਆਂ ਪੰਚਾਇਤਾਂ ਦਾ ਗਠਨ ਕੀਤਾ ਜਾ ਸਕੇ ਅਤੇ ਉਸੇ ਕਰਕੇ 2027 ਵਿਧਾਨ ਸਭਾ ਚੋਣਾਂ ’ਚ ਪਾਰਟੀ ਦੀ ਜਿੱਤ ਦਾ ਮੁੱਢ ਬੰਨਿਆ ਜਾ ਸਕੇ। ਇਕੱਤਰਤਾ ਨੂੰ ਸਾਬਕਾ ਵਿਧਾਇਕ ਗੁਰਾ ਸਿੰਘ ਤੁੰਗਵਾਲੀ ਨੇ ਵੀ ਸੰਬੋਧਨ ਕੀਤਾ ਜਦੋਂਕਿ ਇਸ ਮੌਕੇ ਬੌਬੀ ਸਿੱਧੂ ਪਥਰਾਲਾ, ਤੇਗਵੀਰ ਸਿੰਘ ਕੋਟਫੱਤਾ, ਸਰਕਲ ਪ੍ਰਧਾਨ ਜਗਜੀਤ ਸਿੰਘ ਰਾਏਕੇ, ਨਰਿੰਜਣ ਸਿੰਘ ਚੁੱਘੇ ਕਲਾਂ ਸਾਬਕਾ ਮੈਂਬਰ ਜਿਲ੍ਹਾ ਪ੍ਰੀਸ਼ਦ, ਬਲਦੀਪ ਸਿੰਘ ਪ੍ਰਧਾਨ ਨਗਰ ਪੰਚਾਇਤ ਕੋਟਸ਼ਮੀਰ, ਸੁਰਿੰਦਰ ਸਿੰਘ ਨੰਬਰਦਾਰ ਡੂੰਮਵਾਲੀ, ਨਿਰਮਲ ਸਿੰਘ ਜੋਧਪੁਰ, ਪਰਮਿੰਦਰ ਸ਼ਰਨੀ ਚੁੱਘੇ ਕਲਾਂ ਮੈਂਬਰ ਬਲਾਕ ਸੰਮਤੀ, ਹਰਦੀਪ ਸਿੰਘ ਝੁੰਬਾ ਸਰਪੰਚ, ਜਗਤਾਰ ਸਿੰਘ ਸਰਪੰਚ ਪਥਰਾਲਾ, ਹਰਮੇਲ ਸਿੰਘ ਚੇਅਰਮੈਨ, ਰਾਜਾ ਸਿੰਘ ਜੋਧਪੁਰ, ਹਰਪਾਲ ਸਿੰਘ ਟੋਨੀ ਸਿੱਧੂ ਡੂੰਮਵਾਲੀ ਤੋਂ ਇਲਾਵਾ ਵੱਡੀ ਗਿਣਤੀ ਕਾਂਗਰਸੀ ਵਰਕਰ ਮੌਜੂਦ ਰਹੇ।

### ਡਾ. ਸੁਰਜੀਤ ਸਿੰਘ ਜਰਮਨੀ ਦੀ ਲਿਖੀ ਪੰਜਾਬਨਾਮਾ ਵੀਹਵੀਂ ਸਦੀ ਕਿਤਾਬ

# ਸ਼ਹੀਦਾਂ ਦੇ ਪਰਿਵਾਰਾਂ ਵੱਲੋਂ ਸ੍ਰੀ ਅਕਾਲ ਤਖ਼ਤ ਸਾਹਿਬ ਸਕੱਤਰੇਤ ਵਿਖੇ ਜਾਰੀ

**ਸਿੱਖ ਯੂਥ ਫੈਡਰੇਸ਼ਨ ਭਿੰਡਰਾਂਵਾਲਾ ਦੇ ਪ੍ਰਧਾਨ ਅਤੇ ਪੰਥਕ ਲੇਖਕ ਭਾਈ ਰਣਜੀਤ ਸਿੰਘ ਦਮਦਮੀ ਟਕਸਾਲ ਨੇ ਕਿਹਾ ਕਿ ਲੇਖਕ ਡਾ. ਸੁਰਜੀਤ ਸਿੰਘ ਜਰਮਨੀ ਵੱਲੋਂ ਲਿਖੀ ਪੰਜਾਬਨਾਮਾ ਕਿਤਾਬ ਵੀਹਵੀਂ ਸਦੀ ਦੇ ਸੌ ਸਾਲਾਂ ਦਾ ਇਤਿਹਾਸ ਬਿਆਨਦੀ ਹੈ**









ਅੰਮ੍ਰਿਤਸਰ, 29 ਜੂਨ (ਆਵਾਜ਼ਿ ਕੌਮ ਬਿਊਰੋ): ਡਾ. ਸੁਰਜੀਤ ਸਿੰਘ ਜਰਮਨੀ ਦੀ ਲਿਖੀ ਪੰਜਾਬਨਾਮਾ ਵੀਹਵੀਂ ਸਦੀ (ਜੰਗ ਹਿੰਦ ਤੇ ਪੰਜਾਬ) ਕਿਤਾਬ ਅੱਜ ਸ੍ਰੀ ਅਕਾਲ ਤਖ਼ਤ ਸਾਹਿਬ ਸਕੱਤਰੇਤ ਵਿਖੇ ਸ਼ਹੀਦ ਮੇਜਰ ਜਨਰਲ ਸ਼ਾਬੇਗ ਸਿੰਘ ਦੇ ਭਰਾ ਸ. ਬੇਅੰਤ ਸਿੰਘ, ਸ਼ਹੀਦ ਭਾਈ ਬਲਜਿੰਦਰ ਸਿੰਘ ਰਾਜੂ ਦੇ ਮਾਤਾ ਬੀਬੀ ਸੁਰਜੀਤ ਕੌਰ, ਸ਼ਹੀਦ ਭਾਈ ਸੁਰਜੀਤ ਸਿੰਘ ਪੈਂਟਾ ਦੇ ਭਰਾ ਗਿਆਨੀ ਹਰਚਰਨ ਸਿੰਘ ਛੱਜਲਵੱਡੀ, ਸਿੱਖ ਯੂਥ ਫੈਡਰੇਸ਼ਨ ਭਿੰਡਰਾਂਵਾਲਾ ਦੇ ਪ੍ਰਧਾਨ ਭਾਈ ਰਣਜੀਤ ਸਿੰਘ ਦਮਦਮੀ ਟਕਸਾਲ (ਭਤੀਜਾ ਸ਼ਹੀਦ ਭਾਈ ਕਸ਼ਮੀਰ ਸਿੰਘ ਸ਼ੀਰਾ) ਅਤੇ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਆਗੂ ਭਾਈ ਭੁਪਿੰਦਰ ਸਿੰਘ ਛੇ ਜੂਨ ਵੱਲੋਂ ਜਾਰੀ ਕੀਤੀ ਗਈ। ਇਸ ਮੌਕੇ ਪੱਤਰਕਾਰਾਂ ਨੂੰ ਸੰਬੋਧਨ ਹੁੰਦਿਆਂ ਸਿੱਖ ਯੂਥ ਫੈਡਰੇਸ਼ਨ ਭਿੰਡਰਾਂਵਾਲਾ ਦੇ ਪ੍ਰਧਾਨ ਅਤੇ ਪੰਥਕ ਲੇਖਕ ਭਾਈ ਰਣਜੀਤ ਸਿੰਘ ਦਮਦਮੀ ਟਕਸਾਲ ਨੇ ਕਿਹਾ ਕਿ ਲੇਖਕ ਡਾ. ਸੁਰਜੀਤ ਸਿੰਘ ਜਰਮਨੀ ਵੱਲੋਂ ਲਿਖੀ ਪੰਜਾਬਨਾਮਾ ਕਿਤਾਬ ਵੀਹਵੀਂ ਸਦੀ ਦੇ ਸੌ ਸਾਲਾਂ ਦਾ ਇਤਿਹਾਸ ਬਿਆਨਦੀ ਹੈ। ਉਹਨਾਂ ਦੱਸਿਆ ਕਿ ਇਸ ਕਿਤਾਬ ਵਿੱਚ ਬ੍ਰਿਟਿਸ਼ ਸਾਮਰਾਜ ਵਿਰੁੱਧ ਜੂਝਣ ਵਾਲੇ ਸੰਘਰਸ਼ਸ਼ੀਲ ਗੁਰਸਿੱਖਾਂ, ਗਦਰੀ ਬਾਬਿਆਂ, ਬੱਬਰ ਅਕਾਲੀਆਂ, ਸ. ਕਰਤਾਰ ਸਿੰਘ ਸਰਾਭਾ, ਸ. ਭਗਤ ਸਿੰਘ ਸ. ਊਧਮ ਸਿੰਘ ਅਤੇ ਜੈਤੋਂ ਦਾ ਮੋਰਚਾ, ਚਾਬੀਆਂ ਦਾ ਮੋਰਚਾ, ਸਾਕਾ ਨਨਕਾਣਾ ਸਾਹਿਬ, ਗੁਰਦੁਆਰਾ ਸੁਧਾਰ ਲਹਿਰ, ਗੁਰੂ ਕੇ ਬਾਗ. ਦਾ ਮੋਰਚਾ, ਪੰਜਾਬ ਦਾ ਬਟਵਾਰਾ, ਪੰਜਾਬੀ ਸੂਬਾ ਮੋਰਚਾ, ਪਾਣੀਆਂ ਦਾ ਮੁੱਦਾ, ਐਮਰਜੈਂਸੀ, 1978 ਦਾ ਸਾਕਾ, ਧਰਮ ਯੁੱਧ ਮੋਰਚਾ, ਜੂਨ 1984 ਤੀਜਾ ਘੱਲੂਘਾਰਾ, ਅਪਰੇਸ਼ਨ ਵੁੱਡਰੋਜ਼, ਸਿੱਖ ਨਸ਼ਲਕੁਸ਼ੀ ਨਵੰਬਰ 1984, ਅਪਰੇਸ਼ਨ ਬਲੈਕ ਥੰਡਰ ਆਦਿ ਲਹੂ ਭਿੱਜੀਆਂ ਘਟਨਾਵਾਂ, ਸਾਕਿਆਂ ਤੇ ਘੱਲੂਘਾਰਿਆਂ ਨੂੰ ਬਿਆਨਿਆ ਗਿਆ ਹੈ। ਸੰਤ ਜਰਨੈਲ ਸਿੰਘ ਖ਼ਾਲਸਾ ਭਿੰਡਰਾਂਵਾਲੇ, ਸ਼ਹੀਦ ਭਾਈ ਅਮਰੀਕ ਸਿੰਘ, ਸ਼ਹੀਦ ਜਨਰਲ ਸ਼ਾਬੇਗ ਸਿੰਘ ਦੀਆਂ ਜੀਵਨੀਆਂ ਅਤੇ ਨਿਰੰਕਾਰੀ ਮੁਖੀ ਦਾ ਕਤਲ, ਇੰਦਰਾ ਗਾਂਧੀ ਦਾ ਕਤਲ, ਜਨਰਲ ਵੈਦਿਆ ਦਾ ਕਤਲ, ਬੇਅੰਤ ਸਿੰਘ ਦਾ ਕਤਲ ਅਤੇ ਪੰਜਾਬ ਆਰਥਿਕ ਸੰਕਟ, ਖ਼ਾਲਿਸਤਾਨ ਬਾਰੇ ਲੇਖ ਤੇ ਹਰੇਕ ਘਟਨਾ ਬਾਰੇ ਤਸਵੀਰਾਂ ਵੀ ਛਾਪੀਆਂ ਗਈਆਂ ਹਨ। ਇਹ ਕਿਤਾਬ ਡਾ. ਸੁਰਜੀਤ ਸਿੰਘ ਜਰਮਨੀ ਨੇ ਆਪਣੀ ਵਿਆਹ ਦੀ ਵਰ੍ਹੇਗੰਢ ਮੌਕੇ ਸੁਪਤਨੀ ਜਸਪ੍ਰੀਤ ਕੌਰ ਨੂੰ ਤੋਹਫੇ ਵਜੋਂ ਭੇਟ ਕੀਤੀ ਹੈ। ਭਾਈ ਰਣਜੀਤ ਸਿੰਘ ਦਮਦਮੀ ਟਕਸਾਲ ਨੇ ਕਿਹਾ ਕਿ ਸਿੱਖਾਂ ਨੇ ਪਹਿਲਾਂ ਮੁਗਲ ਹਕੂਮਤ ਵਿਰੁੱਧ ਲੰਮਾ ਸੰਘਰਸ਼ ਕਰਕੇ ਖ਼ਾਲਸਾ ਰਾਜ ਸਥਾਪਿਤ ਕੀਤਾ, ਪਰ ਸ਼ੇਰੇ ਪੰਜਾਬ ਮਹਾਰਾਜਾ ਰਣਜੀਤ ਸਿੰਘ ਦੇ ਅਕਾਲ ਚਲਾਣੇ ਪਿੱਛੋਂ ਬ੍ਰਿਟਿਸ਼ ਸਾਮਰਾਜ ਨੇ ਪੰਜਾਬ ਤੇ ਕਬਜਾ ਕਰ ਲਿਆ ਤੇ ਖਾਲਸੇ ਨੇ ਅੰਗਰੇਜ਼ ਹਕੂਮਤ ਵਿਰੁੱਧ ਵੀ ਲਹੂ ਡੋਲਵੀਂ ਲੜਾਈ ਲੜੀ ਪਰ 1947 ਦੀ ਅਖੌਤੀ ਆਜ਼ਾਦੀ ਮਗਰੋਂ ਹਿੰਦ ਹਕੂਮਤ ਨੇ ਵੀ ਸਿੱਖਾਂ ਉੱਤੇ ਕਹਿਰ ਕਰਨਾ ਸ਼ੁਰੂ ਕਰ ਦਿੱਤਾ ਤੇ ਅਸੀਂ ਇੱਕ ਗੁਲਾਮੀ ਵਿੱਚੋਂ ਨਿਕਲ ਕੇ ਦੂਜੀ ਗੁਲਾਮੀ ਵਿੱਚ ਜਕੜੇ ਗਏ, ਸਾਨੂੰ ਜਰਾਇਮ ਪੇਸ਼ਾ ਕੌਮ ਐਲਾਨਿਆ ਗਿਆ, ਬੇਗਾਨਗੀ ਦਾ ਅਹਿਸਾਸ ਕਰਵਾਇਆ ਗਿਆ, ਸ੍ਰੀ ਅਕਾਲ ਤਖਤ ਸਾਹਿਬ ਤੇ ਹਮਲਾ ਹੋਇਆ ਤੇ ਸਿੱਖ ਹੋਣਾ ਹੀ ਇਸ ਦੇਸ਼ ਵਿੱਚ ਜੁਰਮ ਬਣ ਗਿਆ। ਆਪਣੇ ਹੱਕ ਮੰਗਣ ਵਾਲੇ ਸਿੱਖਾਂ ਨੂੰ ਅੱਤਵਾਦੀ, ਦਹਿਸ਼ਤਗਰਦ ਕਿਹਾ ਗਿਆ ਤੇ ਇਸ ਬੇਇਨਸਾਫੀ ਵਿਰੁੱਧ ਅਤੇ ਆਪਣੇ ਹੱਕਾਂ ਤੇ ਕੌਮ ਦੀ ਅਜ਼ਾਦੀ ਲਈ ਗੁਰੂ ਕਾ ਖਾਲਸਾ ਅੱਜ ਵੀ ਸੰਘਰਸ਼ਸ਼ੀਲ ਹੈ। ਉਹਨਾਂ ਡਾ. ਸੁਰਜੀਤ ਸਿੰਘ ਜਰਮਨੀ ਦੀ ਸ਼ਲਾਘਾ ਵੀ ਕੀਤੀ ਤੇ ਕਿਹਾ ਕਿ ਇਹ ਕਿਤਾਬ ਪ੍ਰਕਾਸ਼ਕ ਖ਼ਾਲਸਾ ਫ਼ਤਹਿਨਾਮਾ ਵੱਲੋਂ ਛਾਪੀ ਗਈ ਹੈ ਜੋਂ ਹਰੇਕ ਸਿੱਖ ਨੂੰ ਪੜਨੀ ਚਾਹੀਦੀ ਹੈ। ਇਸ ਮੌਕੇ ਫੈਡਰੇਸ਼ਨ ਦੇ ਜਨਰਲ ਸਕੱਤਰ ਭਾਈ ਗਗਨਦੀਪ ਸਿੰਘ ਸੁਲਤਾਨਵਿੰਡ ਅਤੇ ਜਥੇਬੰਧਕ ਸਕੱਤਰ ਭਾਈ ਮਨਪ੍ਰੀਤ ਸਿੰਘ ਖਾਲਸਾ ਆਦਿ ਹਾਜ਼ਰ ਸਨ।

# ਸੰਤ ਜਰਨੈਲ ਸਿੰਘ ਭਿੰਡਰਾਂਵਾਲਿਆਂ ਦੇ ਵੱਡੇ ਪੋਸਟਰ ਲਗਾ ਕੇ ਠੰਡੇ ਮਿੱਠੇ ਜਲ ਦੀ ਛਬੀਲ ਲਗਾਈ

ਅੰਮ੍ਰਿਤਸਰ, 29 ਜੂਨ (ਆਵਾਜ਼ਿ ਕੌਮ ਬਿਊਰੋ): ਬਾਣੀ ਦੇ ਬੋਹਿਥ, ਸ਼ਹੀਦਾਂ ਦੇ ਸਿਰਤਾਜ, ਪੰਜਵੇਂ ਪਾਤਸ਼ਾਹ ਸ੍ਰੀ ਗੁਰੂ ਅਰਜਨ ਦੇਵ ਜੀ ਮਹਾਰਾਜ ਦੀ ਸ਼ਹਾਦਤ ਨੂੰ ਸਮਰਪਿਤ ਗੁਰੂ ਨਗਰੀ ਸ੍ਰੀ ਅੰਮ੍ਰਿਤਸਰ ਸਾਹਿਬ ਦੇ ਸੁਲਤਾਨਵਿੰਡ ਰੋਡ ਵਿਖੇ ਸਿੱਖ ਨੌਜਵਾਨਾਂ ਵੱਲੋਂ ਠੰਡੇ ਮਿੱਠੇ ਜਲ ਦੀ ਛਬੀਲ ਲਾਈ ਗਈ। ਨੌਜਵਾਨਾਂ ਨੇ ਬੜੇ ਉਤਸ਼ਾਹ ਦੇ ਨਾਲ ਛਬੀਲ ਦੇ ਵਿੱਚ ਸੇਵਾ ਕੀਤੀ ਅਤੇ ਆਉਂਦੇ ਜਾਂਦੇ ਰਾਹੀਆਂ ਅਤੇ ਸੰਗਤਾਂ ਨੂੰ ਛਬੀਲ ਛਕਾਈ ਗਈ। ਛਬੀਲ ਦੇ ਮੰਚ ਉੱਤੇ ਸਿੱਖ ਯੂਥ ਫੈਡਰੇਸ਼ਨ ਭਿੰਡਰਾਂਵਾਲਾ ਦੇ




ਪ੍ਰਧਾਨ ਅਤੇ ਪੰਥਕ ਲੇਖਕ ਭਾਈ ਰਣਜੀਤ ਸਿੰਘ ਦਮਦਮੀ ਟਕਸਾਲ, ਕੌਮੀ ਜਨਰਲ ਸਕੱਤਰ ਭਾਈ ਗਗਨਦੀਪ ਸਿੰਘ ਸੁਲਤਾਨਵਿੰਡ ਅਤੇ ਹੋਰ ਵੀ ਕਈ ਸਖਸ਼ੀਅਤਾਂ ਵਿਸ਼ੇਸ਼ ਤੌਰ ਉਤੇ ਪੁੱਜੀਆਂ। ਇਸ ਛਬੀਲ ਦੀ ਖਾਸੀਅਤ ਇਹ ਰਹੀ ਕਿ ਛਬੀਲ ਵਾਲੇ ਸਥਾਨ ਤੇ ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ, ਭਾਈ ਅਮਰੀਕ ਸਿੰਘ ਅਤੇ ਜਨਰਲ ਸ਼ਬੇਗ ਸਿੰਘ ਜੀ ਦੇ ਬੋਰਡ ਲੱਗੇ ਹੋਏ ਸਨ, ਇਹ ਵੀ ਲਿਖਿਆ ਹੋਇਆ ਸੀ ਕਿ ਖਾਲਿਸਤਾਨ ਦੀ ਮੰਗ ਉਹਨਾਂ ਅੱਤਿਆਚਾਰਾਂ ਦੀ ਦੇਣ ਹੈ ਜਿਹੜੇ ਸਾਡੇ ਉੱਤੇ ਕੀਤੇ ਗਏ ਤੇ ਕੀਤੇ ਜਾ ਰਹੇ ਹਨ। ਸੰਤ ਜਰਨੈਲ ਸਿੰਘ ਜੀ ਦੀਆਂ ਤਸਵੀਰਾਂ ਲੋਕ ਖੜ੍ਹ ਖੜ੍ਹ ਕੇ ਬੜੇ ਚਾਅ ਨਾਲ ਦੇਖ ਰਹੇ ਸਨ। ਇਸ ਮੌਕੇ ਭਾਈ ਪਲਵਿੰਦਰ ਸਿੰਘ, ਭਾਈ ਗੁਰਬਚਨ ਸਿੰਘ, ਭਾਈ ਗਗਨਦੀਪ ਸਿੰਘ, ਭਾਈ ਸੁਖਵਿੰਦਰ ਸਿੰਘ ਆਦਿ ਹਾਜ਼ਰ ਸਨ।

# ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ ਪਾਕਿਸਤਾਨ ਜਾਣ ਵਾਲੇ ਸ਼ਰਧਾਲੂਆਂ ਤੋਂ ਸ਼੍ਰੋਮਣੀ ਕਮੇਟੀ ਨੇ ਪਾਸਪੋਰਟ ਮੰਗੇ

ਨਵੀਂ ਦਿੱਲੀ, 29 ਜੂਨ (ਮਨਪ੍ਰੀਤ ਸਿੰਘ ਖਾਲਸਾ):- ਪਹਿਲੇ ਪਾਤਸ਼ਾਹ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਮਨਾਉਣ ਲਈ ਸ਼੍ਰੋਮਣੀ ਕਮੇਟੀ ਵੱਲੋਂ ਸਿੱਖ ਸ਼ਰਧਾਲੂਆਂ ਦਾ ਜਥਾ ਗੁਰਦੁਆਰਾ ਸ੍ਰੀ ਨਨਕਾਣਾ ਸਾਹਿਬ ਪਾਕਿਸਤਾਨ ਵਿਖੇ ਨਵੰਬਰ 2024 ਵਿਚ ਭੇਜਿਆ ਜਾਵੇਗਾ। ਇਸ ਸਬੰਧ ਵਿਚ ਸ਼੍ਰੋਮਣੀ ਕਮੇਟੀ ਵੱਲੋਂ ਵੀਜ਼ਾ ਪ੍ਰਕਿਰਿਆ ਸ਼ੁਰੂ ਕੀਤੀ ਗਈ ਹੈ, ਜਿਸ ਤਹਿਤ ਸ਼ਰਧਾਲੂ ਆਪਣੇ ਪਾਸਪੋਰਟ 10 ਅਗਸਤ 2024 ਤੱਕ ਜਮ੍ਹਾ ਕਰਵਾ ਸਕਣਗੇ। ਸ਼੍ਰੋਮਣੀ ਕਮੇਟੀ ਦੇ ਸਕੱਤਰ ਸ. ਪ੍ਰਤਾਪ ਸਿੰਘ ਨੇ ਇਸ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਹਰ ਸਾਲ ਦੀ ਤਰ੍ਹਾਂ ਸ਼੍ਰੋਮਣੀ ਕਮੇਟੀ ਵੱਲੋਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ ਜਥਾ ਪਾਕਿਸਤਾਨ ਭੇਜਿਆ ਜਾਵੇਗਾ। ਉਨ੍ਹਾਂ ਦੱਸਿਆ ਕਿ ਜਿਹੜੇ ਸ਼ਰਧਾਲੂ ਇਸ ਇਤਿਹਾਸਕ ਪੁਰਬ ਮੌਕੇ ਪਾਕਿਸਤਾਨ ਸਥਿਤ ਗੁਰਦੁਆਰਾ ਪ੍ਰਕਾਸ਼ ਅਸਥਾਨ ਸ੍ਰੀ ਨਨਕਾਣਾ ਸਾਹਿਬ ਸਮੇਤ ਹੋਰ ਗੁਰਧਾਮਾਂ ਦੇ ਦਰਸ਼ਨ ਕਰਨਾ ਚਾਹੁੰਦੇ ਹਨ ਉਹ ਆਪਣੇ ਪਾਸਪੋਰਟ ਸ਼੍ਰੋਮਣੀ ਕਮੇਟੀ ਦੇ ਹਲਕਾ ਮੈਂਬਰ ਦੀ ਸ਼ਿਫਾਰਸ ਸਹਿਤ 10 ਅਗਸਤ ਤੀਕ ਸ਼੍ਰੋਮਣੀ ਕਮੇਟੀ ਦਫ਼ਤਰ ਵਿਖੇ ਯਾਤਰਾ ਵਿਭਾਗ ਵਿਚ ਭੇਜਣ। ਸ. ਪ੍ਰਤਾਪ ਸਿੰਘ ਨੇ ਜਾਣਕਾਰੀ ਦਿੱਤੀ ਕਿ ਸ਼ਰਧਾਲੂਆਂ ਲਈ ਪਾਸਪੋਰਟ ਦੇ ਨਾਲ ਪਛਾਣ ਦੇ ਸਬੂਤ ਵਜੋਂ ਅਧਾਰ ਕਾਰਡ ਜਾਂ ਵੋਟਰ ਕਾਰਡ ਦੀ ਫੋਟੋ ਕਾਪੀ ਲਗਾਉਣੀ ਜ਼ਰੂਰੀ ਹੈ। ਉਨ੍ਹਾਂ ਸੰਗਤ ਨੂੰ ਅਪੀਲ ਕੀਤੀ ਕਿ ਉਹ ਸਮੇਂ ਸਿਰ ਆਪਣੇ ਪਾਸਪੋਰਟ ਅਤੇ ਦਸਤਾਵੇਜ਼ ਸ਼੍ਰੋਮਣੀ ਕਮੇਟੀ ਨੂੰ ਦੇਣ ਤਾਂ ਜੋ ਵੀਜ਼ਾ ਪ੍ਰਕਿਰਿਆ ਪੂਰੀ ਕਰਨ ਲਈ ਅਗਲੀ ਕਾਰਵਾਈ ਕੀਤੀ ਜਾ ਸਕੇ।

ਆਵਾਜ਼ਿ ਕੌਮ AWAZE QAUM

# ਇੱਕ ਨਜ਼ਰ



## ਮਹਾਨ ਤਪੱਸਵੀ ਧੰਨ ਧੰਨ ਬਾਬਾ ਛੱਜੋਂ ਜੀ ਦਾ ਸਲਾਨਾ ਜੋੜ ਮੇਲਾ 5 ਜੁਲਾਈ ਨੂੰ ਮਨਾਇਆ ਜਾਵੇਗਾ: ਪ੍ਰਧਾਨ ਸਮਿੱਤਰ ਸਿੰਘ

ਚੌਕ ਮਹਿਤਾ, 29 ਜੂਨ ( ਬਾਬਾ ਸੁਖਵੰਤ ਸਿੰਘ ਚੰਨਨਕੇ )- 5 ਜੁਲਾਈ ਮੱਸਿਆ ਦੇ ਦਿਹਾੜੇ ਮੌਕੇ ਮਹਾਨ ਤਪਸਵੀ ਬ੍ਰਹਮ ਗਿਆਨੀ ਧੰਨ ਧੰਨ ਬਾਬਾ ਛੱਜੋਂ ਜੀ ਦਾ ਸਲਾਨਾ ਜੋੜ ਮੇਲਾ ਪੂਰੇ ਉਤਸਾਹ ਅਤੇ ਸ਼ਰਧਾ ਭਾਵਨਾ ਨਾਲ ਗੁਰਦੁਆਰਾ ਸਾਹਿਬ ਜੀ ਦੀ ਪ੍ਰਬੰਧਕ ਕਮੇਟੀ ਅਤੇ ਇਲਾਕਾ ਨਿਵਾਸੀਆਂ ਦੇ ਸਹਿਯੋਗ ਨਾਲ ਅੰਮ੍ਰਿਤਸਰ ਜੀ,ਟੀ ਰੋਡ ਬੈਸਟ ਪ੍ਰਾਈਜ਼ ਸਾਹਮਣੇ ਬਾਬਾ ਜੀ ਦੇ ਸੱਚ- ਖੰਡ ਤਪ ਅਸਥਾਨ ਵਿਖੇ ਸੰਪੂਰਨ ਮਰਿਯਾਦਾ ਅਨੁਸਾਰ ਮਨਾਇਆ ਜਾਵੇਗਾ ਗੁਰਦੁਆਰਾ ਸਾਹਿਬ ਜੀ ਦੇ ਸਰਪ੍ਰਸਤ ਪ੍ਰਧਾਨ ਸ੍ਰ ਸਮਿੱਤਰ ਸਿੰਘ ਜੀ ਨੇ ਮੇਲੇ ਸਬੰਧੀ ਪ੍ਰਬੰਧਕ ਕਮੇਟੀ ਮੈਬਰਾਂ ਨਾਲ ਵਿਸ਼ੇਸ ਮੀਟਿੰਗ ਰੱਖੀ ਗਈ ਮੀਟਿੰਗ ਵਿਚ ਪ੍ਰਧਾਨ ਸਮਿੱਤਰ ਸਿੰਘ ਜੀ ਨੇ ਕਿਹਾ ਕਿ ਮੇਲੇ ਦਾ ਆਨੰਦ ਅਤੇ ਗੁਰਬਾਣੀ ਦਾ ਰਸ ਮਾਨਣ ਲਈ ਆਉਣ ਵਾਲੀਆਂ ਸੰਗਤਾਂ ਲਈ ਹਰ ਤਰ੍ਹਾਂ ਦੇ ਢੁਕਵੇ ਪ੍ਰਬੰਧ ਮੁਕੰਮਲ ਕਰ ਲਏ ਗਏ ਹਨ ਉਨਾਂ ਕਿਹਾ ਕਿ ਉਹ ਭਾਵੇਂ ਗਰਮੀ ਦੇ ਕਹਿਰ ਸਬੰਧੀਂ ਕਿਉ ਨਾ ਹੋਵੇਂ , ਜਿਵੇ ਫਲਾ ਦਾ ਜੂਸ,ਠੰਡਾ ਮਿੱਠਾ ਜਲ, ਸ਼ਰਦਾਈ, ਖੁੱਲਾ ਪੰਡਾਲ, ਪਾਣੀ ਵਾਲੇ ਪੱਖੇ,ਕਾਰ ਪਾਰਕਿੰਗ,ਮੋਟਰਸਾਈਕਲ ਸਟੈਂਡ, ਜੋੜਾ ਘਰ, ਲੰਗਰ ਹਾਲ ਅਜਿਹੇ ਕਈ ਪ੍ਰਬੰਧ ਮੁਕੰਮਲ ਕੀਤੇ ਗਏ ਹਨ ਉਹਨਾਂ ਸਮੂਹ ਸੰਗਤਾਂ ਨੂੰ ਹੁਮ ਹੁਮਾ ਕੇ ਮੇਲੇ ਵਿੱਚ ਪਹੁੰਚਣ ਲਈ ਸੰਦੇਸ਼ ਦਿੱਤਾ ਗਿਆ ਅਤੇ 10 ਵਜੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਜਾਣਗੇ ਅਤੇ ਕੀਰਤਨ ਦਰਬਾਰ ਕਰਵਾਇਆ ਜਾਵੇਗਾ ਅਤੇ ਰਾਗੀ, ਢਾਡੀ, ਕਵੀ, ਕਥਾ ਵਾਚਕ, ਕਵੀਸ਼ਰੀ ਜਿਸਮ ਵੱਲੋਂ ਬਾਬਾ ਜੀ ਦੀ ਜੀਵਨੀ ਦੇ ਪ੍ਰਸੰਗ ਸੁਣਾ ਸੰਗਤਾਂ ਨੂੰ ਗੁਰਬਾਣੀਂ ਰਸ ਨਾਲ ਜੋੜਿਆ ਜਾਵੇਗਾ ਅਤੇ ਠੀਕ 12 ਵਜੇ ਭਾਈ ਸਾਹਿਬ ਵੱਲੋਂ ਗੁਰੂ ਸਾਹਿਬ ਜੀ ਦੀ ਹਾਜ਼ਰੀ ਵਿੱਚ ਅਰਦਾਸ ਬੇਨਤੀ ਕੀਤੀ ਜਾਵੇਗੀ ਅਤੇ ਉਪਰੰਤ ਹੀ ਕੜਾਹ ਪ੍ਰਸ਼ਾਦ ਦੀ ਦੇਗ ਤੇ ਗੁਰੂ ਕਾ ਅਤੁੱਟ ਵਰਤਾਇਆ ਜਾਵੇਗਾ ਇਸ ਦੇ ਨਾਲ ਹੀ ਉਹਨਾਂ ਹੁੱਲੜਬਾਜ ਅਤੇ ਚੋਰਾ ਉਤੇ ਬਾਜ ਅੱਖ ਰੱਖਣ ਲਈ ਕਿਹਾ ਕਿ ਸਾਡੇ ਜਥੇਦਾਰਾਂ ਅਤੇ ਪੁਲਿਸ ਪ੍ਰਸ਼ਾਸਨ ਦੀ ਟੀਮ ਮੇਲੇ ਵਿਚ ਖਾਸ ਭੂਮਿਕਾ ਨਿਭਾਏਗੀ ਉਹਨਾ ਕਿਹਾ ਕਿ ਸੰਗਤਾਂ ਫਿਰ ਵੀ ਆਪਣੇ ਆਪਣੇ ਕੀਮਤੀ ਸਮਾਨ , ਮੋਬਾਇਲ ਅਤੇ ਬੱਚਿਆਂ ਦਾ ਖਾਸ ਧਿਆਨ ਆਪ ਰੱਖਣ ਦੀ ਕਿਰਪਾਲਤਾ ਕਰਨ ਜੀ।

## ਪਿੰਡ ਸੁਲਹਾਣੀ ਵਿਖੇ ਲੋਕ ਮਿਲਣੀ ਦੌਰਾਨ ਵਿਧਾਇਕ ਦਹੀਆ ਨੇ ਸੁਣੀਆਂ ਲੋਕਾਂ ਦੀਆਂ ਮੁਸ਼ਿਕਲਾਂ



ਫ਼ਿਰੋਜ਼ਪੁਰ, 29 ਜੂਨ (ਮਨੋਹਰ ਲਾਲ) : ਲੋਕਾਂ ਦੀਆਂ ਦੁੱਖ-ਤਕਲੀਫਾਂ ਜਾਨਣ ਲਈ ਪੰਜਾਬ ਸਰਕਾਰ ਵੱਲੋਂ ਜਾਰੀ ਦਿਸ਼ਾ ਨਿਰਦੇਸ਼ਾਂ ਦੇ ਚਲਦਿਆਂ ਅੱਜ ਫ਼ਿਰੋਜ਼ਪੁਰ ਦਿਹਾਤੀ ਦੇ ਵਿਧਾਇਕ ਰਜਨੀਸ਼ ਦਹੀਆ ਵੱਲੋਂ ਪਿੰਡ ਸੁਲਹਾਣੀ ਵਿਖੇ ਲੋਕ ਮਿਲਣੀ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਮੌਜੂਦਾ ਵਿਧਾਇਕ ਰਜਨੀਸ਼ ਦਹੀਆ ਨੇ ਲੋਕਾਂ ਦੀਆਂ ਮੁਸ਼ਿਕਲਾਂ ਸੁਣੀਆਂ ਗਈਆਂ ਅਤੇ ਉਨ੍ਹਾਂ ਦੀਆਂ ਦੁੱਖ—ਤਕਲੀਫਾਂ ਨੂੰ ਉਜਾਗਰ ਕਰਦੀਆਂ ਦਰਖਾਸਤਾਂ ਪ੍ਰਾਪਤ ਕੀਤੀਆਂ ਗਈਆਂ, ਜਿਨ੍ਹਾਂ ਵਿਚੋਂ ਬਹੁਤੀਆਂ ਦਾ ਮੌਕੇ ਤੇ ਹਾਜ਼ਰ ਅਧਿਕਾਰੀਆਂ ਵੱਲੋਂ ਨਿਪਟਾਰਾ ਕਰਵਾਇਆ ਗਿਆ ਅਤੇ ਬਾਕੀ ਰਹਿੰਦੀਆਂ ਦਰਖਾਸਤਾਂ ਪਰ ਵੀ ਤੁਰੰਤ ਕਾਰਵਾਈ ਦਾ ਨਿਰਦੇਸ਼ ਜਾਰੀ ਕੀਤੇ ਗਏ। ਇਸ ਮੌਕੇ ਬੋਲਦਿਆਂ ਵਿਧਾਇਕ ਰਜਨੀਸ਼ ਦਹੀਆ ਨੇ ਕਿਹਾ ਕਿ ਇਲਾਕੇ ਦੇ ਵਿਕਾਸ ਕਾਰਜਾਂ ਦਾ ਜਾਇਜਾ ਲੈਣ ਅਤੇ ਲੋਕ ਸਮੱਸਿਆਵਾਂ ਜਾਨਣ ਲਈ ਅੱਜ ਲੋਕ ਮਿਲਣੀ ਕੀਤੀ ਗਈ। ਉਨ੍ਹਾਂ ਦੱਸਿਆ ਕਿ ਇਸ ਦੌਰਾਨ ਪਿੰਡ ਨਰੈਣਗੜ੍ਹ ਭੰਗਾਲੀ, ਮਾਛੀਵਾੜਾ, ਵਾੜਾ ਜਵਾਹਰ ਸਿੰਘ ਵਾਲਾ ਅਤੇ ਝੰਜੀਆਂ ਦੇ ਲੋਕਾਂ ਨੇ ਸ਼ਮੂਲੀਅਤ ਕੀਤੀ। ਪਿੰਡ ਸੁਲਹਾਣੀ ਦੇ ਸਰਕਾਰੀ ਪ੍ਰਾਈਮਰੀ ਸਕੂਲ ਵਿਚ ਇਸ ਵਿਜੀਟ ਦੌਰਾਨ ਵੱਡੀ ਗਿਣਤੀ ਪਿੰਡ ਵਾਸੀਆਂ ਨੇ ਸ਼ਮੂਲੀਅਤ ਕੀਤੀ, ਜਿਨ੍ਹਾਂ ਨੂੰ ਸਰਕਾਰ ਦੀਆਂ ਨੀਤੀਆਂ ਤੋਂ ਜਾਣੂ ਕਰਵਾਉਣ ਦੇ ਨਾਲ—ਨਾਲ ਸਰਕਾਰ ਵੱਲੋਂ ਲੋਕ ਹਿੱਤ ਵਿਚ ਲਏ ਨਿਰਣਿਆਂ ਦਾ ਜ਼ਿਕਰ ਕੀਤਾ ਗਿਆ। ਉਨ੍ਹਾਂ ਦੱਸਿਆ ਕਿ ਇਸ ਦੌਰਾਨ ਇਕ ਦਰਖਾਸਤ ਪਿੰਡ ਸੁਲਹਾਣੀ ਵਿਖੇ ਗਰਾਊਂਡ ਬਨਾਉਣ ਲਈ ਪ੍ਰਾਪਤ ਹੋਈ, ਜਿਸ ਤੇ ਵੀ ਕਾਰਵਾਈ ਸ਼ੁਰੂ ਕੀਤੀ ਗਈ। ਆਪਣੇ ਵਿਚਾਰ ਸਾਂਝੇ ਕਰਦਿਆਂ ਵਿਧਾਇਕ ਰਜਨੀਸ਼ ਦਹੀਆ ਨੇ ਕਿਹਾ ਕਿ ਮਾਣਯੋਗ ਮੁੱਖ ਮੰਤਰੀ ਪੰਜਾਬ ਦੇ ਆਦੇਸ਼ਾਂ ਅਨੁਸਾਰ ਇਸ ਤਰ੍ਹਾਂ ਦੀਆਂ ਵਿਜ਼ੀਟਾਂ ਕਰਕੇ ਆਮ ਲੋਕਾਂ ਤੱਕ ਪਹੁੰਚ ਕੀਤੀ ਜਾ ਰਹੀ ਹੈ ਅਤੇ ਲੋਕਾਂ ਦੀਆਂ ਮੁਸ਼ਿਕਲਾਂ ਦਾ ਹੱਲ ਕਰਨਾ ਯਕੀਨੀ ਬਣਾਇਆ ਜਾਵੇਗਾ। ਇਸ ਮੌਕੇ ਪ੍ਰਸ਼ਾਸਨ ਵੱਲੋਂ ਸ੍ਰੀਮਤੀ ਚਰੂਮਿਤਾ ਉਪ ਮੰਡਲ ਮੈਜਿਸਟਰੇਟ ਫ਼ਿਰੋਜ਼ਪੁਰ, ਐਸ.ਐਚ.ਓ ਥਾਣਾ ਤਲਵੰਡੀ ਭਾਈ, ਨਾਇਬ ਤਹਿਸੀਲਦਾਰ ਅਨੂਪ ਸਿੰਘ, ਬਲਾਕ ਵਿਕਾਸ ਤੇ ਪੰਚਾਇਤ ਅਫਸਰ ਘੱਲ ਖੁਰਦ, ਸੀ.ਡੀ.ਪੀ.ਓ ਆਦਿ ਅਧਿਕਾਰੀ ਹਾਜ਼ਰ ਸਨ।

## ਪਾਕਿ ਗੁਰਧਾਮਾਂ ਦੇ ਦਰਸ਼ਨਾਂ ਲਈ ਜਾਣ ਵਾਲੇ ਯਾਤਰੀ ਆਪਣੇ ਪਾਸਪੋਰਟ ਕਰਵਾਉਣ ਜਮ੍ਹਾਂ: ਭੁੱਲਰ

ਫ਼ਿਰੋਜ਼ਪੁਰ, 29 ਜੂਨ (ਮਨੋਹਰ ਲਾਲ) :— ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਦਿਹਾੜੇ ਤੇ ਪਾਕਿਸਤਾਨ ਨਨਕਾਣਾ ਸਾਹਿਬ ਜਾਣ ਵਾਲੇ ਯਾਤਰੀ ਆਪਣੇ ਪਾਸਪੋਰਟ ਇਕ ਜੁਲਾਈ ਤੋਂ 31 ਜੁਲਾਈ ਤੱਕ ਰਬਾਬੀ ਭਾਈ ਮਰਦਾਨਾ ਯਾਤਰਾ ਕਮੇਟੀ, ਬਗਦਾਦੀ ਗੇਟ ਫ਼ਿਰੋਜ਼ਪੁਰ ਸ਼ਹਿਰ ਵਿਖੇ ਜਮ੍ਹਾਂ ਕਰਵਾ ਸਕਦੇ ਹਨ। ਇਸ ਸਬੰਧੀ ਜਾਣਕਾਰੀ ਦਿੰਦਿਆਂ ਭਾਈ ਹਰਪਾਲ ਸਿੰਘ ਭੁੱਲਰ ਨੇ ਦੱਸਿਆ ਕਿ ਪਾਕਿ ਗੁਰਧਾਮਾਂ ਦੇ ਦਰਸ਼ਨ ਦੀਦਾਰਿਆਂ ਲਈ ਜਾਣ ਵਾਲੀ ਸੰਗਤ ਆਪਣੇ ਪਾਸਪੋਰਟ, 2 ਫੋਟੋਆਂ ਅਤੇ ਮੋਬਾਇਲ ਨੰਬਰ ਲਾਜ਼ਰੀ ਦੇਣ। ਉਨ੍ਹਾਂ ਕਿਹਾ ਕਿ ਅਸੀਂ ਲੰਬੇ ਸਮੇਂ ਤੋਂ ਭਾਰਤ ਅਤੇ ਪਾਕਿਸਤਾਨ ਸਰਕਾਰ ਨੂੰ ਬੇਨਤੀ ਕਰਦੇ ਆ ਰਹੇ ਹਾਂ ਕਿ 50 ਸਾਲਾਂ ਤੋਂ ਯਾਤਰੀਆਂ ਦੀ ਗਿਣਤੀ ਦੁਗਣੀ ਹੋ ਗਈ ਹੈ, ਜਿਸ ਕਰਕੇ ਯਾਤਰੂਆਂ ਦੇ ਪਾਸਪੋਰਟ ਜਿਆਦਾ ਗਿਣਤੀ ਵਿਚ ਜਮ੍ਹਾਂ ਹੁੰਦੇ ਹਨ ਅਤੇ ਇਸ ਕਾਰਣ ਵੀਜੇ ਕੱਟੇ ਵੀ ਜਾਂਦੇ ਹਨ। ਉਨ੍ਹਾਂ ਕਿਹਾ ਕਿ ਪਹਿਲਾਂ 4—5 ਜਥੇਬੰਦੀਆਂ ਯਾਤਰਾ ਲਈ ਪਾਸਪੋਰਟ ਲੈਂਦੀਆਂ ਸਨ, ਹੁਣ ਤਕਰੀਬਨ 15—16 ਸੁਸਾਇਟੀਆਂ ਹੋ ਗਈਆਂ ਹਨ, ਅਸੀਂ ਪਾਕਿਸਤਾਨ ਸਰਕਾਰ ਨੂੰ ਬੇਨਤੀ ਕਰਦੇ ਹਾਂ ਕਿ ਯਾਤਰਾ ਦਾ ਕੋਟਾ 3000 ਤੋਂ ਵਧਾ ਕੇ 4000 ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਇਸ ਵਾਰ ਸਿਆਲਕੋਟ ਬਾਬੇ ਕੀ ਬੇਰ ਦੇ ਵੀ ਦਰਸ਼ਨ ਦੀਦਾਰੇ ਕਰਵਾਏ ਜਾਣਗੇ ਅਤੇ ਹੁਣ ਭਾਈ ਮਰਦਾਨਾ ਜੀ ਦੇ ਘਰ ਦਾ ਵੀ ਕੰਮ ਸ਼ੁਰੂ ਕੀਤਾ ਜਾਵੇ।

### ਮਹਾਰਾਜਾ ਰਣਜੀਤ ਸਿੰਘ ਰਾਜ ਪੱਧਰੀ ਸਮਾਗਮ ਆਯੋਜਿਤ

# ਮਹਾਰਾਜਾ ਰਣਜੀਤ ਸਿੰਘ ਦੇ ਨਕਸ਼ੇ-ਕਦਮਾਂ ’ਤੇ ਚੱਲਦਿਆਂ ਸਮਾਜ ਦੇ ਹਰ ਵਰਗ ਦੀ ਭਲਾਈ ਯਕੀਨੀ ਬਣਾਵਾਂਗੇ: ਮੁੱਖ ਮੰਤਰੀ

- ਕਿਹਾ ਕਿ ਸ਼ੇਰ-ਏ-ਪੰਜਾਬ ਮਹਾਰਾਜਾ ਰਣਜੀਤ ਸਿੰਘ ਸਿੱਖ ਸਾਮਰਾਜ ਦੇ ਮੋਢੀ ਸਨ, ਜਿਨ੍ਹਾਂ ਦਾ ਰਾਜ ਪੱਛਮ ਵਿੱਚ ਖੈਬਰ ਦੱਰੇ ਤੋਂ ਲੈ ਕੇ ਉੱਤਰ ਵਿੱਚ ਕਸ਼ਮੀਰ, ਦੱਖਣ ਵਿੱਚ ਸਿੰਧ ਅਤੇ ਪੂਰਬ ਵਿੱਚ ਤਿੱਬਤ ਤੱਕ ਫੈਲਿਆ ਹੋਇਆ ਸੀ....



ਸੰਗਰੂਰ, 29 ਜੂਨ (ਰਣਜੀਤ ਸਿੰਘ ਪੇਧਨੀ)- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਹੈ ਕਿ ਸੂਬਾ ਸਰਕਾਰ ਸ਼ੇਰ-ਏ-ਪੰਜਾਬ ਮਹਾਰਾਜਾ ਰਣਜੀਤ ਸਿੰਘ ਦੇ ਨਕਸ਼ੇ-ਕਦਮਾਂ ’ਤੇ ਚੱਲ ਰਹੀ ਹੈ ਤਾਂ ਜੋ ਸਮਾਜ ਦੇ ਹਰ ਵਰਗ ਦੀ ਭਲਾਈ ਯਕੀਨੀ ਬਣਾਈ ਜਾ ਸਕੇ। ਇੱਥੇ ਮਹਾਰਾਜਾ ਦੀ ਬਰਸੀ ਮੌਕੇ ਰਾਜ ਪੱਧਰੀ ਸਮਾਗਮ ਦੌਰਾਨ ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਮਹਾਰਾਜਾ ਰਣਜੀਤ ਸਿੰਘ ਇਕ ਮਹਾਨ ਬਾਦਸ਼ਾਹ ਸਨ, ਜਿਨ੍ਹਾਂ ਨੇ ਮਹਾਨ ਸਿੱਖ ਗੁਰੂਆਂ ਵੱਲੋਂ ਪ੍ਰਚਾਰੇ ਗਏ ਧਰਮ ਨਿਰਪੱਖਤਾ ਅਤੇ ਸਮਾਜਵਾਦ ਦੇ ਸਿਧਾਂਤਾਂ ਨੂੰ ਸਹੀ ਮਾਅਨਿਆਂ ਵਿੱਚ ਲਾਗੂ ਕੀਤਾ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਮਹਾਰਾਜਾ ਰਣਜੀਤ ਸਿੰਘ ਨੇ ਇਕ ਸੱਚਾ ਸਿੱਖ ਹੋਣ ਦੇ ਨਾਤੇ ਨਿਆਂ ਵਿਵਸਥਾ ਅਤੇ ਆਪਣੀ ਜਨਤਾ ਦੀ ਭਲਾਈ ਯਕੀਨੀ ਬਣਾਈ ਅਤੇ ਲੋਕਾਂ ਦੀ ਦਿੱਕਤਾਂ ਨੂੰ ਮਹਿਸੂਸ ਕਰਨ ਲਈ ਰਾਤ ਨੂੰ ਭੇਸ ਬਦਲ-ਬਦਲ ਕੇ ਆਪਣੇ ਰਾਜ ਦਾ ਦੌਰਾ ਵੀ ਕੀਤਾ। ਉਨ੍ਹਾਂ ਕਿਹਾ ਕਿ ਲੋਕਾਂ ਪ੍ਰਤੀ ਪਿਆਰ ਅਤੇ ਸਨੇਹ ਕਾਰਨ ਹੀ ਮਹਾਰਾਜਾ ਰਣਜੀਤ ਸਿੰਘ ਲੋਕਾਂ ਦੇ ਸੱਚੇ ਬਾਦਸ਼ਾਹ ਸਨ। ਮੁੱਖ ਮੰਤਰੀ ਨੇ ਕਿਹਾ ਕਿ ਸ਼ੇਰ-ਏ-ਪੰਜਾਬ ਮਹਾਰਾਜਾ ਰਣਜੀਤ ਸਿੰਘ ਸਿੱਖ ਸਾਮਰਾਜ ਦੇ ਮੋਢੀ ਸਨ, ਜਿਨ੍ਹਾਂ ਦਾ ਰਾਜ ਪੱਛਮ ਵਿੱਚ ਖੈਬਰ ਦੱਰੇ ਤੋਂ ਲੈ ਕੇ ਉੱਤਰ ਵਿੱਚ ਕਸ਼ਮੀਰ, ਦੱਖਣ ਵਿੱਚ ਸਿੰਧ ਅਤੇ ਪੂਰਬ ਵਿੱਚ ਤਿੱਬਤ ਤੱਕ ਫੈਲਿਆ ਹੋਇਆ ਸੀ। ਉਨ੍ਹਾਂ ਕਿਹਾ ਕਿ ਮਹਾਰਾਜਾ ਰਣਜੀਤ ਸਿੰਘ ਦੇ ਨਕਸ਼ੇ-ਕਦਮ ’ਤੇ ਚੱਲਦਿਆਂ ਸੂਬਾ ਸਰਕਾਰ ਨੇ ਸਮਾਜ ਦੇ ਹਰ ਵਰਗ ਦੀ ਭਲਾਈ ਲਈ ਕਈ ਲੋਕ ਪੱਖੀ ਸਕੀਮਾਂ ਸ਼ੁਰੂ ਕੀਤੀਆਂ ਹਨ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਮਹਾਰਾਜਾ ਰਣਜੀਤ ਸਿੰਘ ਦੀ ਸ਼ਾਨਦਾਰ ਵਿਰਾਸਤ ਨੂੰ ਸੰਭਾਲਣ ਲਈ ਪੰਜਾਬ ਸਰਕਾਰ ਵੱਲੋਂ ਹਰ ਸੰਭਵ ਯਤਨ ਕੀਤੇ ਜਾ ਰਹੇ ਹਨ। ਮੁੱਖ ਮੰਤਰੀ ਨੇ ਇਹ ਵੀ ਕਿਹਾ ਕਿ ਉਹ ਖ਼ੁਸ਼ਕਿਸਮਤ ਹਨ ਕਿ ਉਨ੍ਹਾਂ ਨੂੰ ਸੰਤ ਬਾਬਾ ਅਤਰ ਸਿੰਘ ਜੀ ਵੱਲੋਂ ਬਖਸ਼ਿਸ਼ ਕੀਤੇ ਇਸ ਪਵਿੱਤਰ ਅਸਥਾਨ ਦੇ ਦਰਸ਼ਨ ਕਰਨ ਦਾ ਮੌਕਾ ਮਿਲਿਆ ਹੈ। ਉਨ੍ਹਾਂ ਕਿਹਾ ਕਿ ਮਹਾਰਾਜਾ ਰਣਜੀਤ ਸਿੰਘ ਉਨ੍ਹਾਂ ਸਮਿਆਂ ਵਿੱਚ ਬਾਦਸ਼ਾਹ ਹੋਣ ਦੇ ਬਾਵਜੂਦ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਮਿਲੀ ਸਜ਼ਾ ਨੂੰ ਸਹਿਜੇ ਹੀ ਸਵੀਕਾਰ ਕਰਦੇ ਸਨ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਮਹਾਰਾਜਾ ਰਣਜੀਤ ਸਿੰਘ ਵਰਗਾ ਰਾਜ ਪ੍ਰਬੰਧ ਦੇਣ ਦਾ ਦਾਅਵਾ ਕਰਨ ਵਾਲੇ ਸੂਬੇ ਦੇ ਪਿਛਲੇ ਆਗੂਆਂ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਰਬਉੱਚਤਾ ਨੂੰ ਖੋਰਾ ਲਾਉਣ ਵਿੱਚ ਕੋਈ ਕਸਰ ਬਾਕੀ ਨਹੀਂ ਛੱਡੀ। ਮੁੱਖ ਮੰਤਰੀ ਨੇ ਇਸ ਸੀਟ ਤੋਂ ਗੁਰਮੀਤ ਸਿੰਘ ਮੀਤ ਹੇਅਰ ਨੂੰ ਸੰਸਦ ਮੈਂਬਰ ਚੁਣਨ ਲਈ ਸੰਗਰੂਰ ਸੰਸਦੀ ਹਲਕੇ ਦੇ ਲੋਕਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਵੱਲੋਂ ਚੁਣਿਆ ਗਿਆ ਸੰਸਦ ਮੈਂਬਰ ਲੋਕ ਸਭਾ ਵਿੱਚ ਇਸ ਖੇਤਰ ਦੀ ਆਵਾਜ਼ ਨੂੰ ਜ਼ੋਰਦਾਰ ਢੰਗ ਨਾਲ ਉਠਾਵੇਗਾ। ਉਨ੍ਹਾਂ ਕਿਹਾ ਕਿ ਸੰਗਰੂਰ ਖੇਤਰ ਦਾ ਵੱਡੇ ਪੱਧਰ ’ਤੇ ਵਿਕਾਸ ਹੋਵੇਗਾ ਕਿਉਂਕਿ ਹੁਣ ਸੰਸਦ ਮੈਂਬਰ ਅਤੇ ਸੂਬਾ ਸਰਕਾਰ ਖੇਤਰ ਦੇ ਵਿਕਾਸ ਨੂੰ ਹੁਲਾਰਾ ਦੇਣ ਲਈ ਮਿਲ ਕੇ ਤਾਲਮੇਲ ਨਾਲ ਕੰਮ ਕਰਨਗੇ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸੂਬਾ ਸਰਕਾਰ ਸੂਬੇ ਦੀ ਤਰੱਕੀ ਅਤੇ ਇੱਥੋਂ ਦੇ ਲੋਕਾਂ ਦੀ ਖੁਸ਼ਹਾਲੀ ਲਈ ਕੋਈ ਕਸਰ ਬਾਕੀ ਨਹੀਂ ਛੱਡ ਰਹੀ ਹੈ ਅਤੇ ਆਉਣ ਵਾਲੇ ਦੋ ਸਾਲਾਂ ਵਿੱਚ ਸੂਬੇ ਵਿੱਚ ਬੇਮਿਸਾਲ ਵਿਕਾਸ ਦੇਖਣ ਨੂੰ ਮਿਲੇਗਾ। ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਹੁਣ ਜਨਤਕ ਵੰਡ ਪ੍ਰਣਾਲੀ ਤਹਿਤ ਲੋਕਾਂ ਨੂੰ ਚਾਰ ਮਹੀਨਿਆਂ ਦੀ ਕਣਕ ਇਕੱਠੀ ਦੇਵੇਗੀ । ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਮਸਤੂਆਣਾ ਸਾਹਿਬ ਵਿਖੇ ਮੈਡੀਕਲ ਕਾਲਜ ਸਥਾਪਤ ਕਰਨ ਲਈ ਵਚਨਬੱਧ ਹੈ ਅਤੇ ਇਸ ਸਬੰਧੀ ਉਹ ਪਹਿਲਾਂ ਹੀ ਕਈ ਤਜਵੀਜ਼ਾਂ ’ਤੇ ਵਿਚਾਰ ਕਰ ਰਹੇ ਹਨ। ਉਨ੍ਹਾਂ ਸਪੱਸ਼ਟ ਤੌਰ ’ਤੇ ਕਿਹਾ ਕਿ ਸੂਬੇ ਦੀਆਂ ਵਿਕਾਸ ਵਿਰੋਧੀ ਤਾਕਤਾਂ ਨੇ ਇਸ ਅਹਿਮ ਪ੍ਰੋਜੈਕਟ ਨੂੰ ਰੋਕ ਦਿੱਤਾ ਹੈ, ਇਸ ਪ੍ਰੋਜੈਕਟ ਨਾਲ ਖੇਤਰ ਦੇ ਲੋਕਾਂ ਦੀ ਕਿਸਮਤ ਬਦਲ ਸਕਦੀ ਸੀ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਨ੍ਹਾਂ ਨੂੰ ਲੋਕਾਂ ਦੀ ਭਲਾਈ ਨਾਲ ਕੋਈ ਦਿਲਚਸਪੀ ਨਹੀਂ ਹੈ, ਸਗੋਂ ਇਹ ਹਮੇਸ਼ਾ ਆਪਣੇ ਸੌੜੇ ਸਿਆਸੀ ਹਿੱਤਾਂ ਨੂੰ ਪੂਰਨ ਵਿੱਚ ਹੀ ਲੱਗੇ ਰਹਿੰਦੇ ਹਨ। ਇਸ ਤੋਂ ਪਹਿਲਾਂ ਮੁੱਖ ਮੰਤਰੀ ਨੇ ਸ਼ੇਰ-ਏ-ਪੰਜਾਬ ਮਹਾਰਾਜਾ ਰਣਜੀਤ ਸਿੰਘ ਨੂੰ ਉਨ੍ਹਾਂ ਦੇ ਨਾਨਕੇ ਪਿੰਡ ਸਥਿਤ ਸਮਾਰਕ ’ਤੇ ਸ਼ਰਧਾਂਜਲੀ ਵੀ ਭੇਟ ਕੀਤੀ। ਇਸ ਮੌਕੇ ਹੋਰਨਾਂ ਤੋਂ ਇਲਾਵਾ ਕੈਬਨਿਟ ਮੰਤਰੀ ਅਮਨ ਅਰੋੜਾ, ਵਿਧਾਇਕ ਨਰਿੰਦਰ ਕੌਰ ਭਰਾਜ ਅਤੇ ਹੋਰ ਪਤਵੰਤੇ ਹਾਜ਼ਰ ਸਨ।

## ਗੁਰਪਤਵੰਤ ਪੰਨੂ ਦੇ ਕਤਲ ਦੀ ਸਾਜ਼ਿਸ਼ ਦਾ ਦੋਸ਼ੀ ਨਿਖਿਲ ਗੁਪਤਾ ਅਮਰੀਕੀ ਜੱਜ ਸਾਹਮਣੇ ਹੋਇਆ ਪੇਸ਼





ਨਵੀਂ ਦਿੱਲੀ, 29 ਜੂਨ (ਮਨਪ੍ਰੀਤ ਸਿੰਘ ਖਾਲਸਾ): ਗੁਪਤਵੰਤ ਪੰਨੂ ਦੇ ਕਥਿਤ ਕਤਲ ਦੀ ਸਾਜ਼ਿਸ਼ ਦਾ ਦੋਸ਼ੀ ਭਾਰਤੀ ਨਾਗਰਿਕ ਨਿਖਿਲ ਗੁਪਤਾ ਵਕੀਲਾਂ ਨੇ ਮੁਢਲੇ ਕਦਮ ਚੁੱਕਣ ਕਰਕੇ ਪਹਿਲੀ ਵਾਰ ਮੁਕੱਦਮੇ ਦੇ ਜੱਜ ਦੇ ਸਾਹਮਣੇ ਪੇਸ਼ ਹੋਇਆ । ਫੈਡਰਲ ਸੀਨੀਅਰ ਜੱਜ ਵਿਕਟਰ ਮੈਰੇਰੋ ਨੇ ਸੰਖੇਪ ਸੁਣਵਾਈ ਦੌਰਾਨ 13 ਸਤੰਬਰ ਦੀ ਅਗਲੀ ਅਦਾਲਤ ਦੀ ਮਿਤੀ ਤੈਅ ਕੀਤੀ ਜਿਸ ’ਤੇ ਉਸ ਨੇ ਇਸਤਗਾਸਾ ਪੱਖ ਨੂੰ ਬਚਾਅ ਪੱਖ ਨਾਲ ਮੌਜੂਦ ਸਬੂਤ ਸਾਂਝੇ ਕਰਨ ਦਾ ਹੁਕਮ ਦਿੱਤਾ। ਇਸ ਨਾਲ ਹੁਣ ਸਤੰਬਰ ਦੀ ਅਦਾਲਤ ਦੀ ਮਿਤੀ ’ਤੇ, ਬਚਾਅ ਪੱਖ ਨੂੰ ਆਪਣਾ ਕੇਸ ਤਿਆਰ ਕਰਨ ਲਈ ਸਰਕਾਰੀ ਸਬੂਤਾਂ ਵਿੱਚੋਂ ਲੰਘਣ ਦਾ ਮੌਕਾ ਮਿਲੇਗਾ ਉਪਰੰਤ ਅਗਲੇਰੀ ਮੁਕੱਦਮੇ ਦੀ ਕਾਰਵਾਈ ਨਿਰਧਾਰਤ ਕੀਤੀ ਜਾਵੇਗੀ। ਜਿਕਰਯੋਗ ਹੈ ਕਿ ਗੁਪਤਾ ਨੂੰ ਯੂਐਸ ਦੀ ਬੇਨਤੀ ’ਤੇ ਪਿਛਲੇ ਜੂਨ ਵਿਚ ਚੈੱਕ ਗਣਰਾਜ ਵਿਚ ਗ੍ਰਿਫਤਾਰ ਕੀਤਾ ਗਿਆ ਸੀ ਅਤੇ ਹਵਾਲਗੀ ਕਰ ਕੇ 14 ਜੂਨ ਨੂੰ ਨਿਊਯਾਰਕ ਲਿਆਂਦਾ ਗਿਆ ਸੀ ਉਪਰੰਤ ਉਸ ਨੂੰ 17 ਜੂਨ ਨੂੰ ਮੈਜਿਸਟ੍ਰੇਟ ਜੱਜ ਜੇਮਸ ਕੋਟ ਦੇ ਸਾਹਮਣੇ ਪੇਸ਼ ਕੀਤਾ ਗਿਆ ਸੀ, ਜਿਸ ਨੇ ਉਸ ਨੂੰ ਬਿਨਾਂ ਜ਼ਮਾਨਤ ਦੇ ਜੇਲ੍ਹ ਅੰਦਰ ਰੱਖਣ ਦਾ ਹੁਕਮ ਦਿੱਤਾ ਸੀ। ਇਸ ਕੇਸ ਦੇ ਵਕੀਲਾਂ ਵਿੱਚੋਂ ਇੱਕ, ਸਹਾਇਕ ਜ਼ਿਲ੍ਹਾ ਅਟਾਰਨੀ ਕੈਮਿਲ ਲਾਟੋਆ ਫਲੈਚਰ ਨੇ ਗੁਪਤਾ ਵਿਰੁੱਧ ਦੋਸ਼ਾਂ ਨੂੰ ਦੁਹਰਾਇਆ ਕਿ ਉਸਨੇ ਭਾਰਤੀ ਮੂਲ ਦੇ ਇੱਕ ਅਮਰੀਕੀ ਨਾਗਰਿਕ ਦੇ ਖਿਲਾਫ ਇੱਕ ਭਾਰਤੀ ਸਰਕਾਰੀ ਕਰਮਚਾਰੀ ਨਾਲ ਇੱਕ ਸਾਜ਼ਿਸ਼ ਵਿੱਚ ਹਿੱਸਾ ਲਿਆ ਸੀ, ਜਿਸ ਦੀ ਉਸਨੇ ਪਛਾਣ ਨਹੀਂ ਕੀਤੀ ਸੀ। ਪੀੜਤ ਗੁਰਪਤਵੰਤ ਸਿੰਘ ਪੰਨੂ, ਅਮਰੀਕੀ ਅਤੇ ਕੈਨੇਡੀਅਨ ਨਾਗਰਿਕਤਾ ਵਾਲਾ ਵਕੀਲ ਦੱਸਿਆ ਜਾਂਦਾ ਹੈ, ਜੋ ਕਿ ਨਿਊਯਾਰਕ ਵਿੱਚ ਰਹਿੰਦਾ ਹੈ ਅਤੇ ’ਸਿੱਖਸ ਫਾਰ ਜਸਟਿਸ’ ਗਰੁੱਪ ਦੀ ਅਗਵਾਈ ਕਰਦਾ ਹੈ ਜੋ ਖਾਲਿਸਤਾਨ ਲਈ ਮੁਹਿੰਮਾਂ ਦਾ ਧੁਰਾ ਹੈ। ਫਲੇਚਰ ਨੇ ਕਿਹਾ ਕਿ ਗੁਪਤਾ ਨੇ ਇੱਕ ਵਿਅਕਤੀ ਨਾਲ ਗੱਲਬਾਤ ਕੀਤੀ ਜਿਸਨੂੰ ਉਹ “ਹਿੱਟਮੈਨ” ਸਮਝਦਾ ਸੀ, ਕਥਿਤ ਕਤਲ ਦੀ ਸਾਜ਼ਿਸ਼ ਦੀ ਕੀਮਤ ਵਜੋਂ 1 ਲੱਖ ਡਾਲਰ ਅਤੇ ਉਸਨੂੰ ਕਥਿਤ ਇਰਾਦਾ ਪੀੜਤ ਦੀ ਪਛਾਣ ਕਰਨ ਲਈ 15 ਹਜਾਰ ਡਾਲਰ ਅਤੇ ਵੇਰਵੇ ਦੇਣ ਦਾ ਪ੍ਰਬੰਧ ਕੀਤਾ। ਪਰ ਜਿਸ ਵਿਅਕਤੀ ਨੂੰ ਉਹ ਇੱਕ “ਹਿੱਟਮੈਨ” ਸਮਝਦਾ ਸੀ, ਅਸਲ ਵਿੱਚ, ਇੱਕ ਗੁਪਤ ਗੁਪਤ ਏਜੰਟ ਸੀ । ਉਸਨੇ ਅੱਗੇ ਕਿਹਾ ਕਿ ਸਰਕਾਰੀ ਸਬੂਤਾਂ ਵਿੱਚ ਗੁਪਤਾ ਤੋਂ ਜ਼ਬਤ ਕੀਤਾ ਗਿਆ ਫ਼ੋਨ ਵੀ ਸ਼ਾਮਲ ਹੈ, ਜਿਸ ਵਿੱਚ ਉਸਦੀ ਭਾਰਤ ਸਰਕਾਰ ਦੇ ਕਰਮਚਾਰੀ ਨਾਲ ਗੱਲਬਾਤ ਸੀ। ਉਸਨੇ ਕਿਹਾ ਕਿ ਫੈਡਰਲ ਬਿਊਰੋ ਆਫ਼ ਇਨਵੈਸਟੀਗੇਸ਼ਨ (ਐਫਬੀਆਈ) ਅਤੇ ਡਰੱਗ ਇਨਫੋਰਸਮੈਂਟ ਏਜੰਸੀ ਤੋਂ ਸਮੱਗਰੀ ਦੇ ਨਾਲ-ਨਾਲ ਜ਼ਬਤ ਕੀਤੇ ਗਏ ਇਲੈਕਟ੍ਰਾਨਿਕ ਸੰਚਾਰ ਵੀ ਸਨ। ਇਸ ਤੋਂ ਇਲਾਵਾ, “ਹਿੱਟਮੈਨ” ਨਾਲ ਗੁਪਤਾ ਦੀ ਗੱਲਬਾਤ ਦੇ ਵੀਡੀਓ ਅਤੇ ਆਡੀਓ ਵੀ ਸਨ। ਗੁਪਤਾ ਦੇ ਵਕੀਲ ਚੈਬਰੋਏ ਨੇ ਗੁਪਤਾ ਲਈ ਸੁਰੱਖਿਆ ਦੇ ਆਦੇਸ਼ ਦੀ ਬੇਨਤੀ ਕੀਤੀ, ਪਰ ਜ਼ਮਾਨਤ ਦੀ ਮੰਗ ਨਹੀਂ ਕੀਤੀ। ਅਮਰੀਕੀ ਜੱਜ ਮੈਰੇਰੋ ਨੇ ਕਿਹਾ ਕਿ ਬਚਾਅ ਪੱਖ ਨੂੰ ਕੇਸ ਦੀ ਤਿਆਰੀ ਲਈ ਢੁਕਵਾਂ ਸਮਾਂ ਦੇਣ ਲਈ ਤੇਜ਼ ਮੁਕੱਦਮੇ ਲਈ ਕਾਨੂੰਨੀ ਵਿਵਸਥਾਵਾਂ ਨੂੰ ਛੱਡ ਦਿੱਤਾ ਜਾਵੇਗਾ। ਇਹ ਰੁਟੀਨ ਹੈ ਅਤੇ ਯੂਐਸ ਕਾਨੂੰਨ ਦੇ ਤਹਿਤ ਇਸਤਗਾਸਾ ਦੇ ਕਰਤੱਵਾਂ ਨੂੰ ਵੀ ਦੁਹਰਾਉਣਾ ਹੈ ਕਿ ਇਸ ਕੋਲ ਮੌਜੂਦ ਸਾਰੇ ਸਬੂਤ ਅਤੇ ਜਾਣਕਾਰੀ ਨੂੰ ਬਚਾਅ ਪੱਖ ਨਾਲ ਸਾਂਝਾ ਕਰਨਾ ਹੈ, ਜਿਸ ਵਿੱਚ ਉਹ ਵੀ ਸ਼ਾਮਲ ਹਨ ਜੋ ਬਚਾਅ ਦੀ ਮਦਦ ਕਰ ਸਕਦੇ ਹਨ, ਅਤੇ ਅਜਿਹਾ ਨਾ ਕਰਨ ਲਈ ਜੁਰਮਾਨਾ ਵੀ ਲਗਾਇਆ ਜਾ ਸਕਦਾ ਹੈ । ਸੁਣਵਾਈ ਦੌਰਾਨ ਅਦਾਲਤ ਦਾ ਕਮਰਾ ਸਿੱਖਾਂ ਨਾਲ ਖਚਾਖਚ ਭਰਿਆ ਹੋਇਆ ਸੀ ਅਤੇ ਅਦਾਲਤ ਦੇ ਬਾਹਰ ਸੜਕ ਦੇ ਪਾਰ, ਖਾਲਿਸਤਾਨੀ ਸਿੱਖਾਂ ਦੇ ਇੱਕ ਸਮੂਹ ਨੇ ਆਪਣੇ ਪੀਲੇ ਝੰਡੇ ਫੜ ਕੇ ਗੁਪਤਾ ਅਤੇ ਹਿੰਦੁਸਤਾਨ ਵਿਰੁੱਧ ਇੱਕ ਵਿਰੋਧ ਪ੍ਰਦਰਸ਼ਨ ਕੀਤਾ ਸੀ ।

# ਇੱਕ ਨਜ਼ਰ



## ਚਾਰ ਜੁਲਾਈ ਨੂੰ ਭਗਵੰਤ ਮਾਨ ਦੀ ਰਿਹਾਇਸ਼ ਵੱਲ ਕਰਾਂਗੇ ਮਾਰਚ: ਮਨਜੀਤ ਧਨੇਰ

### ਹਰਨੇਕ ਸਿੰਘ ਮਹਿਮਾ ਨੂੰ ਜੇਲ੍ਹ ਵਿੱਚ ਬੰਦ ਰੱਖਣ ਦੇ ਮਨਸੂਬੇ ਸਫਲ ਨਹੀਂ ਹੋਣ ਦਿਆਂਗੇ: ਹਰੀਸ਼ ਨੱਢਾ


ਫ਼ਿਰੋਜ਼ਪੁਰ, 29 ਜੂਨ (ਮਨੋਹਰ ਲਾਲ) :– ਗੁਰਦੁਆਰਾ ਸਾਰਾਗੜ੍ਹੀ ਸਾਹਿਬ ਵਿਖੇ ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਜਿਲਾ ਫਿਰੋਜ਼ਪੁਰ ਦੀ ਵਿਸ਼ੇਸ਼ ਐਮਰਜੰਸੀ ਮੀਟਿੰਗ ਜਗੀਰ ਸਿੰਘ ਖਹਿਰਾ ਦੀ ਪ੍ਰਧਾਨਗੀ ਹੇਠ ਹੋਈ ਜਿਸ ਵਿੱਚ ਸੂਬਾ ਪ੍ਰਧਾਨ ਮਨਜੀਤ ਸਿੰਘ ਧਨੇਰ ਅਤੇ ਸੂਬਾ ਮੀਤ ਪ੍ਰਧਾਨ ਹਰੀਸ਼ ਨੱਢਾ ਲਾਧੂਕਾ ਵਿਸ਼ੇਸ਼ ਤੌਰ ਤੇ ਪਹੁੰਚੇ। ਮੀਟਿੰਗ ਵਿੱਚ ਜ਼ਿਲਾ ਫਿਰੋਜ਼ਪੁਰ ਦੀ ਸਾਰੀ ਟੀਮ ਅਤੇ ਬਲਾਕ ਕਮੇਟੀਆਂ ਦੇ ਆਗੂ ਸ਼ਾਮਿਲ ਹੋਏ। ਇਹ ਮੀਟਿੰਗ ਜਥੇਬੰਦੀ ਦੇ ਸੂਬਾ ਜਨਰਲ ਸਕੱਤਰ ਹਰਨੇਕ ਸਿੰਘ ਮਹਿਮਾ ਨੂੰ ਪੁਰਾਣੇ ਕੇਸਾਂ ਦਾ ਹਵਾਲਾ ਦੇ ਕੇ ਨੌਂ ਮਈ ਤੋਂ ਜੇਲ੍ਹ ਵਿੱਚ ਬੰਦ ਰੱਖਣ ਅਤੇ ਪੁਲਿਸ ਪ੍ਰਸ਼ਾਸਨ ਵੱਲੋਂ ਉਨ੍ਹਾਂ ਦੀ ਰਿਹਾਈ ਲਈ ਸਹਿਯੋਗ ਕਰਨ ਦੇ ਵਾਰ–ਵਾਰ ਵਾਅਦੇ ਕਰਕੇ ਮੁੱਕਰ ਜਾਣ ਦੇ ਖਿਲਾਫ ਸੰਘਰਸ਼ ਦਾ ਬਿਗਲ ਵਜਾਉਣ ਲਈ ਬੁਲਾਈ ਗਈ ਸੀ। ਮੀਟਿੰਗ ਵਿੱਚ ਇਕੱਠੇ ਹੋਏ ਇੱਕ ਸੌ ਤੋਂ ਵੱਧ ਆਗੂਆਂ ਨੂੰ ਸੰਬੋਧਨ ਕਰਦਿਆਂ ਸੂਬਾ ਪ੍ਰਧਾਨ ਮਨਜੀਤ ਸਿੰਘ ਧਨੇਰ ਨੇ ਦੱਸਿਆ ਕਿ ਲੋਕ ਸਭਾ ਚੋਣਾਂ ਦੌਰਾਨ ਭਾਜਪਾ ਉਮੀਦਵਾਰ ਗੁਰਮੀਤ ਸਿੰਘ ਰਾਣਾ ਸੋਢੀ ਦਾ ਵਿਰੋਧ ਕਰਨ ਤੋਂ ਰੋਕਣ ਲਈ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਅੱਠ ਸਾਲ ਪੁਰਾਣੇ ਕੇਸ ਵਿੱਚ ਗ੍ਰਿਫਤਾਰ ਕਰਕੇ ਹਰਨੇਕ ਸਿੰਘ ਮਹਿਮਾ ਨੂੰ ਜੇਲ੍ਹ ਵਿੱਚ ਬੰਦ ਕੀਤਾ ਹੋਇਆ ਹੈ। ਇਸ ਤਰ੍ਹਾਂ ਆਮ ਆਦਮੀ ਪਾਰਟੀ ਨੇ ਭਾਜਪਾ ਦੀ ਬੀ ਟੀਮ ਹੋਣ ਦਾ ਸਬੂਤ ਦਿੰਦੇ ਹੋਏ ਜਥੇਬੰਦੀ ਦੀ ਆਵਾਜ਼ ਨੂੰ ਬੰਦ ਕਰਨ ਦਾ ਭਰਮ ਪਾਲਿਆ ਹੈ। ਕਿਸਾਨ ਆਗੂਆਂ ਨੇ ਕਿਹਾ ਕਿ ਹੁਣ ਸੂਬਾ ਕਮੇਟੀ ਵੱਲੋਂ 4 ਜੁਲਾਈ ਨੂੰ ਜਲੰਧਰ ਵਿਖੇ ਇਕੱਠ ਕਰਕੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਕੋਠੀ ਵੱਲ ਮਾਰਚ ਕਰਨ ਦਾ ਪ੍ਰੋਗਰਾਮ ਉਲੀਕਿਆ ਗਿਆ ਹੈ ਜਿੱਥੇ ਮੁੱਖ ਮੰਤਰੀ ਨੂੰ ਹਰਨੇਕ ਸਿੰਘ ਮਹਿਮਾ ਦੀ ਰਿਹਾਈ ਲਈ ਅਤੇ ਮਾਨਸਾ ਜ਼ਿਲ੍ਹੇ ਦੇ ਪਿੰਡ ਕੁੱਲਰੀਆਂ ਦੇ ਕਿਸਾਨਾਂ ਨੂੰ ਇਨਸਾਫ ਦੇਣ ਲਈ ਮੰਗ ਪੱਤਰ ਦਿੱਤਾ ਜਾਵੇਗਾ ਅਤੇ ਮਸਲਾ ਹੱਲ ਨਾ ਹੋਣ ਦੀ ਸੂਰਤ ਵਿੱਚ 9 ਜੁਲਾਈ ਨੂੰ ਫਿਰੋਜ਼ਪੁਰ ਵਿਖੇ ਐਸ.ਐਸ.ਪੀ ਦਫਤਰ ਦਾ ਘਿਰਾਓ ਕੀਤਾ ਜਾਵੇਗਾ। ਮੀਟਿੰਗ ਨੂੰ ਸੰਬੋਧਨ ਕਰਦਿਆਂ ਜ਼ਿਲਾ ਪ੍ਰਧਾਨ ਜਗੀਰ ਸਿੰਘ ਖਹਿਰਾ, ਗੁਲਜ਼ਾਰ ਸਿੰਘ ਕਬਰਵੱਛਾ, ਦਰਸ਼ਨ ਸਿੰਘ ਕੜਮਾ, ਲਖਵੀਰ ਸਿੰਘ ਫੌਜੀ, ਬਗੀਚਾ ਸਿੰਘ ਨੇ ਕਿਹਾ ਕਿ ਜ਼ਿਲਾ ਫਿਰੋਜ਼ਪੁਰ ਦੇ ਵਰਕਰਾਂ ਵਿੱਚ ਹਰਨੇਕ ਸਿੰਘ ਮਹਿਮਾ ਦੀ ਜੇਲ੍ਹ ਬੰਦੀ ਖਿਲਾਫ ਰੋਸ ਅਤੇ ਗੁੱਸਾ ਹੈ। ਜ਼ਿਲਾ ਫਿਰੋਜ਼ਪੁਰ ਦੀ ਜਥੇਬੰਦੀ ਚਾਰ ਜੁਲਾਈ ਨੂੰ ਜਲੰਧਰ ਅਤੇ ਨੌਂ ਜੁਲਾਈ ਨੂੰ ਫਿਰੋਜ਼ਪੁਰ ਵਾਲੇ ਧਰਨੇ ਵਿੱਚ ਵੱਧ ਚੜ ਕੇ ਸ਼ਿਰਕਤ ਕਰੇਗੀ। ਉਨਾਂ ਦੱਸਿਆ ਕਿ 01 ਜੁਲਾਈ ਨੂੰ ਸਾਰੇ ਜ਼ਿਲਿਆਂ ਦੇ ਪ੍ਰਧਾਨ, ਜਨਰਲ ਸਕੱਤਰ ਅਤੇ ਹੋਰ ਅਹੁਦੇਦਾਰਾਂ ਦੀ ਮੀਟਿੰਗ ਗੁਰਦੁਆਰਾ ਬੀਬੀ ਪ੍ਰਧਾਨ ਕੌਰ ਬਰਨਾਲਾ ਵਿਖੇ ਬੁਲਾ ਲਈ ਗਈ ਹੈ, ਜਿੱਥੇ ਸਾਰੇ ਪ੍ਰੋਗਰਾਮਾਂ ਦੀਆਂ ਤਿਆਰੀਆਂ ਦੀ ਵਿਉਂਤਬੰਦੀ ਕੀਤੀ ਜਾਵੇਗੀ। ਆਗੂਆਂ ਨੇ ਕਿਹਾ ਕਿ ਅਸੀਂ ਪੁਲਿਸ ਪ੍ਰਸ਼ਾਸਨ ਨੂੰ ਪੂਰਾ ਸਮਾਂ ਦਿੱਤਾ ਹੈ ਅਤੇ ਪਰ ਉਹ ਆਪਣੇ ਵਾਅਦਿਆਂ ਤੇ ਪੂਰੇ ਨਹੀਂ ਉੱਤਰੇ, ਇਸ ਲਈ ਹੁਣ ਹਰਨੇਕ ਸਿੰਘ ਮਹਿਮਾ ਦੀ ਰਿਹਾਈ ਲਈ ਆਰ ਪਾਰ ਦਾ ਸੰਘਰਸ਼ ਕੀਤਾ ਜਾਵੇਗਾ, ਜਿਸ ਲਈ ਹਰ ਤਰ੍ਹਾਂ ਦੀ ਜ਼ਿੰਮੇਵਾਰੀ ਪੰਜਾਬ ਸਰਕਾਰ ਅਤੇ ਫਿਰੋਜ਼ਪੁਰ ਦੇ ਪੁਲਿਸ ਪ੍ਰਸ਼ਾਸਨ ਦੀ ਹੋਵੇਗੀ। ਇਸ ਮੌਕੇ ਜ਼ਿਲਾ ਜਨਰਲ ਸਕੱਤਰ ਗੁਲਜ਼ਾਰ ਸਿੰਘ ਕੱਬਰਵੱਛਾ ਜ਼ਿਲਾ ਸੀਨੀਅਰ ਮੀਤ ਪ੍ਰਧਾਨ ਦਰਸ਼ਨ ਸਿੰਘ ਕੜਮਾ ਜ਼ਿਲਾ ਪ੍ਰੈੱਸ ਸਕੱਤਰ ਲਖਵੀਰ ਸਿੰਘ ਡੋਡ ਜ਼ਿਲਾ ਮੈਂਬਰ ਸ਼ਮਸ਼ੇਰ ਸਿੰਘ ਸਹਿਜਾਦੀ ਜ਼ਿਲਾ ਮੈਂਬਰ ਬਗੀਚਾ ਸਿੰਘ ਮੁਨਸ਼ਾ ਸਿੰਘ, ਜਸਪਾਲ ਸਿੰਘ, ਅੰਗਰੇਜ ਸਿੰਘ, ਕੁਲਦੀਪ ਸਿੰਘ, ਅਭਿਜੋਤ ਸਿੰਘ, ਬਲਦੇਵ ਸਿੰਘ, ਦਵਿੰਦਰ ਸਿੰਘ, ਹਰਪ੍ਰੀਤ ਸਿੰਘ, ਮੇਜਰ ਸਿੰਘ, ਇਕਬਾਲ ਸਿੰਘ, ਅਮਰੀਕ ਸਿੰਘ, ਗੁਰਚਰਨ ਸਿੰਘ ਨਾਜੂ ਸ਼ਾਹ ਵਾਲਾ, ਜੋਗਿੰਦਰ ਸਿੰਘ ਨੂਰਪੁਰ, ਸੁਖਦੇਵ ਸਿੰਘ, ਸੁਖਦੇਵ ਢੋਟ, ਸਤਨਾਮ ਚੰਦ, ਮੰਗਲ ਦਾਸ, ਕੇਵਲ ਸਿੰਘ, ਅਸ਼ੋਕ ਕੁਮਾਰ, ਸੰਦੀਪ ਕੁਮਾਰ ਜ਼ਿਲਾ ਕਮੇਟੀ ਮੈਂਬਰ ਪਰਨੀਤ ਸਿੰਘ ਭੜਾਣਾ, ਪਰਮਜੀਤ ਸਿੰਘ, ਪ੍ਰੇਮ ਪਾਲ ਸਿੰਘ, ਭਾਰਤ ਮਹਿਮਾ, ਸਾਹਿਬ ਸਿੰਘ, ਭਜਨ ਸਿੰਘ, ਸਾਹਿਬ ਸਿੰਘ ਵਾੜਾ ਭਾਈ ਕਾ, ਬਲਵੰਤ ਸਿੰਘ, ਰੇਸ਼ਮ ਸਿੰਘ, ਹਰਬੰਸ ਸਿੰਘ ਜੋਧਪੁਰ, ਸੋਨੂੰ ਉਪਲ, ਜਗਰਾਜ ਸਿੰਘ ਗੱਟੀ, ਹਰਜੀਤ ਸਿੰਘ, ਗੁਰਪ੍ਰੀਤ ਸਿੰਘ ਸੂਬਾ ਕਮੇਟੀ ਮੈਂਬਰ ਅੰਮ੍ਰਿਤਪਾਲ ਕੌਰ, ਜਗਤਾਰ ਸਿੰਘ ਆਦਿ ਹਾਜ਼ਰ ਸਨ।

## ਹਰਮਿੰਦਰ ਸਾਹਿਬ ਦੀ ਹਦੂਦ ਨੂੰ ਯੋਗ ਅਸਥਾਨ ਵਜੋਂ ਨਹੀਂ ਵਰਤਿਆ ਜਾ ਸਕਦਾ: ਫੈਡਰੇਸ਼ਨ ਮਹਿਤਾ



ਫ਼ਿਰੋਜ਼ਪੁਰ, 29 ਜੂਨ (ਮਨੋਹਰ ਲਾਲ) :– ਪਿਛਲੇ ਦਿਨੀਂ ਯੋਗਾ ਦਿਵਸ ਤੇ ਇਕ ਲੜਕੀ ਵੱਲੋਂ ਸ੍ਰੀ ਹਰਮਿੰਦਰ ਸਾਹਿਬ ਦੀ ਪ੍ਰਕਰਮਾ ਵਿਚ ਯੋਗਾ ਕਰਨ ਦਾ ਮੁੱਦਾ ਠੰਡਾ ਹੋਣ ਦਾ ਨਾਮ ਨਹੀਂ ਲੈ ਰਿਹਾ, ਸਗੋਂ ਇਹ ਹਰ ਦਿਨ ਹੋਰ ਵੀ ਭਖਦਾ ਜਾ ਰਿਹਾ ਹੈ। ਇਸੇ ਹੀ ਕੜੀ ਤਹਿਤ ਧਾਰਮਿਕ, ਸਮਾਜਿਕ ਅਤੇ ਰਾਜਨੀਤਕ ਖੇਤਰ ਦੀ ਸੰਘਰਸ਼ਸ਼ੀਲ ਜਥੇਬੰਦੀ ਸਿੱਖ ਸਟੂਡੈਂਟਸ ਫੈਡਰੇਸ਼ਨ ਮਹਿਤਾ ਨੇ ਵੀ ਇਸ ਦਾ ਗੰਭੀਰ ਨੋਟਿਸ ਲੈਂਦਿਆਂ ਜਿਥੇ ਉਸ ਲੜਕੀ ਵਿਰੁੱਧ ਠੋਸ ਕਾਰਵਾਈ ਦੀ ਮੰਗ ਕੀਤੀ ਹੈ, ਉਥੇ ਗੁਰੂ ਨਾਨਕ ਨਾਮ ਲੇਵਾ ਸੰਗਤਾਂ ਦੇ ਸਭ ਤੋਂ ਪਵਿੱਤਰ ਅਸਥਾਨ ਸ੍ਰੀ ਹਰਮਿੰਦਰ ਸਾਹਿਬ ਦੀ ਸ਼ਰਧਾ ਨੂੰ ਭਾਰੀ ਠੇਸ ਪਹੁੰਚੀ ਹੈ। ਅੱਜ ਇਥੇ ਗੱਲਬਾਤ ਕਰਦਿਆਂ ਫੈਡਰੇਸ਼ਨ ਮਹਿਤਾ ਦੇ ਕੌਮੀ ਸੀਨੀਅਰ ਮੀਤ ਪ੍ਰਧਾਨ ਭਾਈ ਜ਼ਸਪਾਲ ਸਿੰਘ ਤੇ ਸਾਥੀਆਂ ਨੇ ਕਿਹਾ ਕਿ ਇਤਿਹਾਸ ਇਸ ਗੱਲ ਦਾ ਗੁਆਹ ਹੈ ਕਿ ਇਥੇ ਕਈ ਨਾਮੁਰਾਦ ਬਿਮਾਰੀਆਂ ਦੇ ਸ਼ਿਕਾਰ ਲੋਕਾਂ ਨੂੰ ਜਿਨ੍ਹਾਂ ਨੂੰ ਵੱਡੇ–ਵੱਡੇ ਹਸਪਤਾਲਾਂ ਤੋਂ ਜੁਆਬ ਮਿਲਿਆ ਸੀ, ਉਹ ਇਸ ਅਸਥਾਨ ਤੇ ਆਸਥਾ ਰੱਖ ਕੇ ਬਿਲਕੁਲ ਠੀਕ ਹੋ ਗਏ, ਭਾਵੇਂ ਉਹ ਕਿਸੇ ਵੀ ਫਿਰਕੇ ਨਾਲ ਸਬੰਧ ਰੱਖਦੇ ਸਨ। ਉਨ੍ਹਾਂ ਕਿਹਾ ਕਿ ਯੋਗ ਜਿਸ ਨੂੰ ਕੁਝ ਲੋਕ ਬਿਮਾਰੀਆਂ ਤੋਂ ਰਾਹਤ ਦਾ ਕਾਰਣ ਮੰਨਦੇ ਹਨ, ਇਹ ਅਸਥਾਨ ਦੇ ਮੁਕਾਬਲੇ ਕੁਝ ਵੀ ਨਹੀਂ ਹੈ। ਭਾਈ ਜ਼ਸਪਾਲ ਸਿੰਘ ਤੇ ਸਾਥੀਆਂ ਨੇ ਅੱਗੇ ਕਿਹਾ ਕਿ ਸਮੁੱਚੀਆਂ ਸਿੱਖ ਜਥੇਬੰਦੀਆਂ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਇਸ ਲੜਕੀ ਵਿਰੁੱਧ ਕਾਰਵਾਈ ਲਈ ਹਰ ਸੰਭਵ ਯਤਨ ਕਰਨ ਤੇ ਇਸ ਲੜਕੀ ਵਿਰੁੱਧ ਕੋਈ ਢਿੱਲ ਨਾ ਵਰਤੀ ਜਾਵੇ। ਉਕਤ ਆਗੂਆਂ ਨੇ ਇਸ ਲੜਕੀ ਦੇ ਸਬੰਧਤ ਰਾਜ ਸਰਕਾਰ ਵੱਲੋਂ ਇਸ ਲੜਕੀ ਨੂੰ ਸੁਰੱਖਿਆ ਦੇਣ ਦੇ ਮਾਮਲੇ ਨੂੰ ਕਿਸੇ ਧਰਮ ਜਾਂ ਪਵਿੱਤਰ ਅਸਥਾਨ ਦੀ ਆਸਥਾ ਨੂੰ ਸੱਟ ਮਾਰਨ ਤੇ ਸੰਗਤਾਂ ਦੀਆਂ ਭਾਵਨਾਵਾਂ ਨਾਲ ਖਿਲਵਾੜ ਵੀ ਕਰਾਰ ਦਿੱਤਾ। ਇਸ ਸਮੇਂ ਭਾਈ ਜ਼ਸਪਾਲ ਸਿੰਘ ਦੇ ਨਾਲ ਜਰਨੈਲ ਸਿੰਘ ਗਾਬੜੀਆ, ਡਾ: ਗੁਰਮੀਤ ਸਿੰਘ ਸਿੱਧੂ, ਕੁਲਦੀਪ ਸਿੰਘ ਨੰਢਾ, ਜ਼ਸਬੀਰ ਸਿੰਘ ਜੱਸ, ਰਣਜੀਤ ਸਿੰਘ ਬੱਬਲੂ, ਗੁਰਮੇਲ ਸਿੰਘ ਭੇਡੀਆ, ਹਰਜਿੰਦਰ ਸਿੰਘ ਬੱਗਾ ਅਤੇ ਕੁਲਦੀਪ ਸਿੰਘ ਲੋਕੋ ਆਦਿ ਹਾਜ਼ਰ ਸਨ।

## ਕੁਰਸੀ, ਚੌਧਰ, ਸ਼ੋਹਰਤ, ਜ਼ੁੰਮੇਵਾਰੀ ਤੇ ਸੇਵਾ



ਸ਼ਿੰਗਾਰਾ ਸਿੰਘ ਢਿੱਲੋਂ (ਪ੍ਰੋ.)

ਕੋਈ ਬੰਦਾ ਰੋਟੀ ਪਾਣੀ ਤੋਂ ਬਿਨਾ ਕੁਝ ਸਮਾਂ ਜੀਊਂਦਾ ਰਹਿ ਸਕਦਾ ਹੈ , ਪਰ ਜਿਸ ਨੂੰ ਕੁਰਸੀ ਅਤੇ ਚੌਧਰ ਨਾਮ ਦੀਆਂ ਦੋ ਭੁੱਖਾਂ ਲੱਗ ਗਈਆਂ, ਉਹ ਨਾ ਹੀਕਦੇ ਸ਼ਾਂਤ ਹੋ ਸਕਦਾ ਹੈ ਤੇ ਨਾ ਹੀ ਉਸ ਦੀਆਂ ਇਹ ਉਕਤ ਭੁੱਖਾਂ ਕਦੇ ਪੂਰੀਆਂ ਹੋ ਸਕਦੀਆਂ ਹਨ ।ਅਸਲ ਵਿੱਚ ਬੰਦੇ ਦੀਆਂ ਇਹ ਹੀ ਉਹ ਦੋ ਭੁੱਖਾਂ ਹਨ ਜੋ ਰਾਜਨੀਤੀ, ਲਾਣੇਦਾਰੀ, ਕੁਨਬੇਦਾਰੀ ਤੋਂ ਅੱਗੇ ਵਧਕੇ ਕਈ ਵਾਰ ਧਰਮ ਕਰਮ ਦਾ ਕਾਰਜ ਕਰਨ ਵਾਲੇ ਕਿਸੇ ਮਨੁੱਖ ਦੇ ਅਚੇਤ ਜਾਂ ਸੁਚੇਤ ਮਨ ਵਿਚ ਵੀਕਾਰਜਸ਼ੀਲ ਰਹਿੰਦੀਆ ਹਨ ਤੇ ਇਹਨਾ ਦੋ ਭੁੱਖਾਂ ਦਾ ਸ਼ਿਕਾਰ ਮਨੁੱਖ ਕਈ ਵਾਰ ਧਰਮ ਕਰਮ ਦੇ ਕਾਰਜਾਂ ਓਹਲੇ ਵੀ ਇਹਨਾਂ ਦੀ ਪੂਰਤੀ ਨੂੰ ਹੀ ਮੁੱਖ ਰੱਖਦਾਹੈ, ਮਸਲਨ ਧਾਰਮਿਕ ਸਥਾਨਾਂ ਉੱਤੇ ਧਿਰ ਤੇ ਧੜੇਬਾਜੀ ਦਾ ਹੋਣਾ, ਵੋਟਾਂ ਦਾ ਦੰਗਲ ਹੋਣਾ ਤੇ ਗੱਲ ਗੱਲ ਉੱਤੇ ਖੂਨ ਖਰਾਬੇ ਤੱਕ ਨੌਬਤ ਆ ਜਾਣੀ ਆਦਿ । ਕੁਰਸੀ ਤੇ ਚੌਧਰ ਨਾਮ ਦੀਆ ਦੋ ਭੁੱਖਾ ਜੋ ਕਿਸੇ ਮਨੁੱਖ ਵਾਸਤੇ ਬੇਚੈਨੀ ਤੇ ਘਬਰਾਹਟ ਦਾ ਕਾਰਨ ਬਣਦੀਆਂ ਹਨ ਉੱਥੇ ਕਾਮ ਪੂਰਤੀ ਦੀ ਚੇਸ਼ਟਾ ਤੋ ਬਾਅਦ , ਕਰੋਧ, ਲੋਭ, ਮੋਹ ਤੇ ਹੰਕਾਰ ਵੀ ਇਹਨਾਂ ਦੀ ਹੀ ਉਪਜ ਹੁੰਦੇ ਹਨ ।ਚੌਧਰ ਤੇ ਸੇਵਾ ਵਿਚ ਬੁਨਿਆਦੀ ਅੰਤਰ ਇਹੀ ਹੁੰਦਾ ਹੈ ਕਿ ਜੇਕਰ ਕੋਈ ਜਨਤਕ ਕਾਰਜ ਲੋਕਾਂ ਦੇ ਭਲੇ ਵਾਸਤੇ ਦਿਲੀ ਭਾਵਨਾ ਅਤੇ ਨਿਸ਼ਕਾਮਤਾ ਨਾਲ ਕੀਤਾਜਾਵੇ ਤਾਂ ਉਹ ਸੇਵਾ ਹੁੰਦਾ ਹੈ, ਪਰੰਤੂ ਜੇਕਰ ਉਹੀ ਕਾਰਜ ਕਿਸੇ ਵਲੋਂ ਇਹ ਸੋਚ ਕੇ ਕੀਤਾ ਜਾਵੇ ਕਿ ਇਹ ਕਾਰਜ ਮੈ ਹੀ ਵਧੀਆ ਢੰਗ ਨਾਲ ਕਰ ਸਕਦਾ ਹਾਂ, ਹੋਰ ਕੋਈ ਦੂਸਰਾ ਵਿਅਕਤੀ ਨਹੀਂ ਤਾਂ ਇਸ ਭਾਵਨਾ ਵਿਚ, ਚੌਧਰ ਤੇ ਹੰਕਾਰ ਦੋਵੇ ਰਲਕੇ ਸ਼ਾਖਸ਼ਾਤ ਨਜਰ ਆਉਦੇ ਦੇਖੇ ਜਾ ਸਕਦੇ ਹਨ, ਜੋ ਕੀਤੇ ਜਾਣ ਵਾਲੇਕਾਰਜ ਦੀ ਨਿਸ਼ਕਾਮ ਭਾਵਨਾ ਦਾ ਘਾਤ ਕਰ ਦਿੰਦੇ ਹਨ । ਸ਼ੋਹਰਤ ਦੀ ਲਾਲਸਾ ਦਾ ਗੁਲਾਮ ਬੰਦਾ ਜਦੋ ਕਿਸੇ ਜਿੰਮੇਵਾਰੀ ਦਾ ਮੁਕਟ ਪਹਿਨਕੇ ਤੁਰਦਾ ਹੈ ਤਾਂ ਉਸ ਵਿੱਚ ਜਿੰਮੇਵਾਰੀ ਅਤੇ ਨਿਸ਼ਕਾਮਤਾ ਅਕਸਰ ਹੀ ਮਨਫੀ ਹੁੰਦੀ ਹੈ, ਜਦ ਕਿ ਚੌਧਰ ਦਾ ਹੰਕਾਰ ਸਾਰੇ ਹੱਦ ਬੰਨੇ ਪਾਰ ਕਰ ਰਿਹਾ ਹੁੰਦਾ ਹੈ ਅਤੇ ਇਸ ਦੇ ਨਾਲ ਹੀ ਹਾਊਮੈਂ, ਨਫਰਤ ਤੇ ਈਰਖਾ ਦਾ ਸਾੜਾ ਵੀ ਭਾਂਬੜ ਬਣਕੇ ਮਚ ਰਿਹਾ ਹੁੰਦਾ ਹੈ ।ਇਸ ਤਰਾਂ ਦਾ ਬੰਦਾ ਦਰਅਸਲ ਆਪਣੇ ਅਸਲ ਮਿਸ਼ਨ ਤੋਂ ਭਟਕ ਚੁਕਿਆ ਹੁੰਦਾ ਹੈ ਤੇ ਨਿਮਰਤਾ, ਹਮਦਰਦੀ, ਸੇਵਾ ਤੇਨਿਸ਼ਕਾਮਤਾ ਨਾਮ ਦੇ ਗੁਣ ਉਹ ਸਿਰਫ ਦਿਖਾਵੇ ਅਤੇ ਮਤਲਬ ਪਰਸਤੀ ਵਾਸਤੇ ਹੀ ਵਰਤਦਾ ਹੈ ਜਦ ਕਿ ਅਸਲੋਂ ਇਹਨਾਂ ਗੁਣਾਂ ਨਾਲ ਉਸਦਾ ਕੋਈ ਦੂਰਦਾ ਵੀ ਵਾਹ ਵਾਸਤਾ ਨਹੀ ਹੁੰਦਾ ।ਉਸਦੇ ਚਿਹਰੇ ਦੇ ਹਾਵ ਭਾਵ ਤੇ ਨਕਲੀ ਮੁਸਕਾਨ ਤੋ ਸਹਿਜੇ ਹੀ ਅੰਦਾਜਾ ਲਗਾਇਆ ਜਾ ਸਕਦਾ ਹੈ ਕਿ ਉਹ ਅਜਿਹਾਪ੍ਰਭਾਵ ਦੇ ਕੇ ਦੂਜਿਆਂ ਨੂੰ ਸਿਰਫ ਬੁੱਧੂ ਹੀ ਬਣਾ ਰਿਹਾ ਹੁੰਦਾ ਹੈ । ਚੌਧਰ ਦਾ ਭੁੱਖਾ ਕਲੇਸ਼ੀ ਹੁੰਦਾ ਹੈ ।ਉਹ ਜਿਥੋਂ ਵੀ ਵਿਚਰੇਗਾ ਨਫਰਤ ਫੈਲਾਏਗਾ, ਧੜੇਬੰਦੀਆ ਖੜੀਆ ਕਰੇਗਾ, ਚੰਗੇ ਕਾਰਜਾਂ ਚ ਵਿਧਨ ਪਾਏਗਾ ਤੇਹਮੇਸ਼ਾ ਕੋਸ਼ਿਸ਼ ਕਰੇਗਾ ਕਿ ਜੋ ਵੀ ਹੋਵੇ, ਉਹ ਸਾਰਾ ਜੇਕਰ ਹੋਵੇ ਤਾਂ ਸਿਰਫ ਉਸ ਦੀ ਅਧੀਨਗੀ ਹੇਠ ਅਤੇ ਉਸਦੀ ਮਰਜੀ ਮੁਤਾਬਿਕ ਹੀ ਹੋਵੇ । ਨੇਤਾਗਿਰੀ ਤੇ ਚੌਧਰ ਦੇ ਚੱਕਰ ਚ ਉਹ ਇਹ ਵੀ ਭੁੱਲ ਜਾਏਗਾ ਕਿ ਉਹ ਕਿਥੇ ਤੇ ਕਿਸ ਸਥਾਨ ’ਤੇ ਖੜੇ ਹੋ ਕੇ ਕਿਹੜੀ ਗੱਲ ਕਰ ਰਿਹਾ ਹੈ ।ਨੇਤਾਗਿਰੀ ਦਾਲਾਲਚ ਉਸ ਨੂੰ ਮਾਨਸਿਕ ਪੱਖੋ ਏਨਾ ਕਮੀਨਾ ਬਣਾ ਦੇਂਦਾ ਹੈ ਕਿ ਉਸ ਦੀ ਅਕਲ ’ਤੇ ਪਰਦਾ ਪੈ ਜਾਂਦਾ ਹੈ, ਆਪਣੇ ਹਿਤ ਸਵਾਰਥ ਲਈ ਉਹ ਕਿਸੇ ਵੀ ਹੱਦ ਤੱਕ ਜਾ ਸਕਦਾ ਹੈ, ਪਾਰਟੀ ਬਦਲਣਾ ਤਾਂ ਉਸ ਵਾਸਤੇ ਮਾਮੂਲੀ ਗੱਲ ਹੈ , ਇਸ ਤੋ ਵੀ ਅੱਗੇ ਕਿਸੇ ਨੇੜਲੇ ਤੋ ਨੇੜਲੇ ਰਿਸ਼ਤੇ ਨੂੰ ਧੋਖਾ ਵੀ ਦੇ ਸਕਦਾ ਹੈ ਤੇ ਕਤਲੋ ਗਾਰਤ ਵੀ ਕਰਵਾ ਸਕਦਾ ਹੈ । ਇਸ ਤਰਾਂ ਦੇ ਬੰਦੇ ਕਦੇ ਵੀ ਕਿਸੇ ਦੇ ਸਕੇ ਸਹੇਲੇ ਜਾਂ ਮਿੱਤ ਨਹੀਂ ਹੁੰਦੇ ।ਇਹ ਲੋਕ ਸਿਰਫ ਤੇ ਸਿਰਫ ਕੁਰਸੀ ਪੂਜਕ ਹੁੰਦੇ ਹਨ । ਸ਼ਾਇਦ ਏਹੀ ਕਾਰਨ ਹੈ ਕਿ ਡਾ ਭੀਮ ਰਾਓ ਅੰਬੇਦਕਰ ਨੇ ਇਕ ਵਾਰ ਕਿਹਾ ਸੀ ਕਿ “ ਆਪਸੀ ਝਗੜਿਆਂ ਤੋਂ ਬਚੋ ਨਹੀਂ ਤਾਂ ਨੇਤਾ ਗਿਰੀ ਦਾ ਲਾਲਚ ਤੁਹਾਨੂੰਏਨਾ ਕਮਜ਼ੋਰ ਕਰ ਦੇਵੇਗਾ, ਤੁਹਾਡੀ ਸਥਿਤੀ ਵਿਗੜ ਜਾਵੇਗੀ ਤੇ ਤੁਸੀਂ ਨਿਸ਼ਾਨੇ ਤੋਂ ਭਟਕ ਜਾਵੋਗੇ ।ਧਾਰਮਿਕ ਸਥਾਨਾਂ ਵਿਚ ਅੱਜ ਏਹੀ ਕੁੱਝ ਹੋ ਰਿਹਾ ਹੈ । ਸਰਬਸਾਂਝੀਵਾਲਤਾ ਦੇ ਸੁਨੇਹੇ ਦੀ ਬਜਾਏ ਵੰਡੀਆ ਪਾ ਕੇ ਚੋਣ ਦੰਗਲ ਲੜੇ ਜਾ ਰਹੇ ਹਨ । ਚੌਧਰ ਅਤੇ ਨੇਤਾਗਿਰੀ ਦੇ ਜਾਲ ਵਿੱਚ ਇਕ ਵਾਰ ਫਸਿਆ ਕੋਈ ਵੀ ਮਨੁੱਖ ਫਿਰ ਵੱਡੇ ਤੋਂ ਵੱਡੇ ਅਪਰਾਧ ਵੀ ਅਸਾਨੀ ਨਾਲ ਕਰਨ ਦਾ ਆਦੀ ਹੋ ਜਾਂਦਾ ਹੈ ਗੱਲ ਗੱਲ ’ਤੇ ਝੂਠ ਬੋਲਣਾ ਉਸ ਦੀ ਆਦਤ ਬਣ ਜਾਦੀ ਹੈ ਤੇ ਲੋਕਾਂ ਨੂੰ ਵੱਡੇ ਵੱਡੇ ਸਬਜਬਾਗ ਦਿਖਾ ਕੇ ਉਹਨਾ ਨੂੰ ਭਰਮਾਉਣਾਤ ਤੇ ਆਪਣੇ ਹਿਤਾਂ ਲਈਗੁਮਰਾਹ ਕਰਕੇ ਉਹਨਾ ਦਾ ਇਸਤੇਮਾਲ ਕਰਨਾ ਉਸ ਦੀ ਮੁਹਾਰਤ ਤੇ ਫਿਤਰਤ ਬਣ ਜਾਂਦੀ ਹੈ। ਇਹ ਆਮ ਦੇਖਿਆ ਜਾਂਦਾ ਹੈ ਕਿ ਇਸ ਤਰਾਂ ਦੀ ਮਾਰੂ ਬਿਰਤੀ ਤੇ ਹਊਮੈਂ ਦੇ ਸ਼ਿਕਾਰ ਲੋਕ ਆਪਣੇ ਆਪ ਨੂੰ ਕਈ ਵਾਰ ਭਗਤ, ਸੇਵਾਦਾਰ, ਪ੍ਰਧਾਨ, ਤੇਚੇਅਰਮੈਨ ਆਦਿ ਦਾ ਲੇਬਲ ਲਕਬ ਲਗਾ ਕੇ ਪੇਸ਼ ਕਰਦੇ ਹਨ ਅਤੇ ਆਪਣੇ ਆਪ ਨੂੰ ਆਪਣੇ ਅਸਲੀ ਨਾਵਾਂ ਦੀ ਬਜਾਏ ਉਕਤ ਲਕਬਾਂ ਦੇ ਨਾਮ ਨਾਲ ਹੀਬੁਲਾਏ ਜਾਣ ’ਤੇ ਅਥਾਹ ਖ਼ੁਸ਼ੀ ਤੇ ਸਕੂਨ ਮਹਿਸੂਸ ਕਰਦੇ ਹੋਏ ਫੁੱਲਕੇ ਕੁੱਪਾ ਹੋ ਜਾਂਦੇ ਹਨ ।ਉਕਤ ਕਿਸਮ ਦੇ ਲੋਕ ਆਪਣੇ ਆਲੇ ਦੁਆਲੇ ਚਾਪਲੂਸਾਂ ਦੀ ਭੀੜ ਜਮ੍ਹਾਂ ਰੱਖਣਾ ਪਸੰਦ ਕਰਦੇ ਤੇ ਚਾਪਲੂਸਾਂ ਦੇ ਜਮਘਟੇ ਚ ਰਹਿ ਕੇ ਬਹੁਤ ਖੁਸ਼ ਰਹਿੰਦੇ ਹਨ। ਆਪਣੀ ਮਸ਼ਹੂਰੀ ਵਾਸਤੇ ਪੇਡ ਖ਼ਬਰਾਂ ਵੀ ਲੁਆਉਂਦੇ ਹਨ ਤੇ ਲੋਕਾਂ ਵਿੱਚ ਇਹ ਕੂੜ ਪ੍ਰਚਾਰ ਕਰਦੇ ਹਨ ਕਿ ਉਹ ਮਹਾਨ ਹਨ ਤੇ ਜਨਤਾ ਦੀ ਵੱਡੀ ਸੇਵਾ ਕਰਰਹੇ ਹਨ ।ਜੇਕਰ ਇੰਜ ਕਹਿ ਲਈਏ ਕਿ ਅਜਿਹੇ ਕਿਸਮ ਦੇ ਸਵਾਰਥੀ ਲੋਕ ਸ਼ੇਰ ਦੀ ਖੱਲ ਚ ਲੂੰਬੜ ਹੁੰਦੇ ਹਨ ਤਾਂ ਕਦਾਚਿਤ ਵੀ ਗਲਤ ਨਹੀ ਹੋਵੇਗਾ । ਮੁਕਦੀ ਗੱਲ ਇਹ ਕੇ ਇਸ ਤਰਾ ਦੇ ਭੁੱਖੜ ਤੇ ਸਵਾਰਥੀ ਲੋਕਾਂ ਦੀ ਪਹਿਚਾਣ ਕਰਨੀ ਚਾਹੀਦੀ ਹੈ ਤੇ ਉਹਨਾਂ ਨੂੰ ਮੂੰਹ ਲਾਉਣੋ ਗੁਰੇਜ ਕਰਨਾ ਚਾਹੀਦਾ ਹੈ, ਉਹਨਾਂ ਦੀਆਂ ਚਿੱਕਨੀਆਂ ਚੋਪੜੀਆਂ ਗੱਲਾਂ ਚ ਆਉਣ ਦੀ ਬਜਾਏ ਉਹਨਾ ਨੂੰ ਮੌਕੇ ’ਤੇ ਹੀ ਫਿਟਕਾਰਨਾ ਚਾਹੀਦਾ ਹੈ ਤਾਂ ਕਿ ਸਮਾਜ ਅਤੇ ਸਮਾਜਿਕਸੰਸਥਾਵਾਂ ਨੂੰ ਅਜਿਹੇ ਕਮੀਨੇ ਸਵਾਰਥੀ ਤੇ ਘਟੀਆ ਅਨਸਰਾਂ ਤੋ ਮੁਕਤ ਰੱਖਿਆ ਜਾ ਸਕੇ ।

## ਸਿੰਘ ਸਾਹਿਬ ਭਾਈ ਜਸਵੀਰ ਸਿੰਘ ਜੀ ਰੋਡੇ ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ ਜੀ ਦੀ ਰਹਿਨੁਮਾਈ ਹੇਠ ਪਿੰਡ ਕਾਮੀ ਖੁਰਦ ਜ਼ਿਲਾ ਪਟਿਆਲਾ ਵਿਖੇ ਨਵੀਂ ਇਕਾਈ ਦਾ ਗਠਨ



ਮਨਪ੍ਰੀਤ ਸਿੰਘ ਵਾੜਾ ਸ਼ੇਰ ਸਿੰਘ ਦੀ ਵਿਸ਼ੇਸ਼ ਰਿਪੋਰਟ

ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਦੇ ਭਤੀਜੇ ਸਤਿਕਾਰਯੋਗ ਸਿੰਘ ਸਾਹਿਬ ਭਾਈ ਜਸਵੀਰ ਸਿੰਘ ਜੀ ਰੋਡੇ ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ ਜੀ ਦੇ ਦਿਸ਼ਾ ਨਿਰਦੇਸ਼ ਤਹਿਤ ਪਿੰਡ ਕਾਮੀ ਖੁਰਦ ਜ਼ਿਲਾ ਪਟਿਆਲਾ ਵਿਖੇ ਇੱਕ ਅਹਿਮ ਮੀਟਿੰਗ ਵਿੱਚ ਨਵੀ ਇਕਾਈ ਦਾ ਗਠਨ ਕੀਤਾ ਅਤੇ ਨਵੀਆਂ ਨਿਯੁਕਤੀਆਂ ਕੀਤੀਆਂ ਗਈਆਂ ।ਮੀਟਿੰਗ ਵਿਚ ਇੰਟਰਨੈਸ਼ਨਲ ਪੰਥਕ ਦਲ ਦੇ ਚੀਫ ਐਡਵਾਈਜ਼ਰ ਪੰਜਾਬ ਬਾਬਾ ਸੱਜਣ ਸਿੰਘ ਜੀ ਵਾੜਾ ਸ਼ੇਰ ਸਿੰਘ ਵਾਲੇ ਵਿਸ਼ੇਸ਼ ਤੌਰ ਤੇ ਪਹੁੰਚੇ ਅਤੇ ਬੋਲਦਿਆਂ ਦੱਸਿਆ ਕਿ ਜੋ ਪਿਛਲੇ ਦਿਨੀਂ 2 ਜੂਨ ਨੂੰ ਸਿੰਘ ਸਾਹਿਬ ਭਾਈ ਜਸਵੀਰ ਸਿੰਘ ਜੀ ਰੋਡੇ ਅਤੇ ਸਮੂਹ ਬਾਬਾ ਪਰਿਵਾਰ ਵੱਲੋਂ ਸੰਤ ਭਿੰਡਰਾਂਵਾਲਿਆਂ ਦਾ ਜਨਮ ਦਿਹਾੜਾ ਪਿੰਡ ਰੋਡੇ ਵਿਖੇ ਬਹੁਤ ਉੱਚ ਪੱਧਰ ਤੇ ਮਨਾਇਆ ਸੀ ਅਤੇ ਸਿੰਘ ਸਾਹਿਬ ਜੀ ਦੀਆਂ ਸਿੱਖ ਕੌਮ ਲਈ ਬਹੁਤ ਵੱਡੀਆਂ ਸੇਵਾਵਾਂ ਹਨ ਇਹਨਾਂ ਸੇਵਾਵਾਂ ਨੂੰ ਦੇਖਦੇ ਹੋਏ ਅੱਜ ਪਿੰਡ ਕਾਮੀ ਖੁਰਦ ਜ਼ਿਲ੍ਹਾ ਪਟਿਆਲਾ ਵਿਖੇ ਮੀਟਿੰਗ ਦੌਰਾਨ ਇਕਾਈ ਦਾ ਗਠਨ ਹੋਇਆ ।ਮੀਟਿੰਗ ਵਿੱਚ ਨਵੇਂ ਮੈਂਬਰ ਨਿਯੁਕਤ ਕੀਤੇ ਗਏ । ਨਵੇਂ ਮੈਂਬਰ ਸਾਹਿਬਾਨ ਵੱਲੋਂ ਸਿੰਘ ਸਾਹਿਬ ਭਾਈ ਜਸਵੀਰ ਸਿੰਘ ਜੀ ਰੋਡੇ ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ ਜੀ ਦਾ ਤਹਿ ਦਿਲੋਂ ਧੰਨਵਾਦ ਕੀਤਾ ਅਤੇ ਵਿਸ਼ਵਾਸ ਦਵਾਇਆ ਕਿ ਅਸੀਂ ਇਸ ਜਿੰਮੇਵਾਰੀ ਨੂੰ ਪੂਰੀ ਤਨ ਦੇਹੀ ਨਾਲ ਨਿਭਾਵਾਂਗੇ ।ਮੀਟਿੰਗ ਵਿੱਚ ਇੰਟਰਨੈਸ਼ਨਲ ਪੰਥਕ ਦਲ ਦੇ ਮੁੱਖ ਸਲਾਹਕਾਰ ਬਾਬਾ ਸੱਜਣ ਸਿੰਘ ਜੀ ਵਾੜਾ ਸ਼ੇਰ ਸਿੰਘ ਸਪੁੱਤਰ ਸ਼ਹੀਦ ਭਾਈ ਸਰਵਣ ਸਿੰਘ ਜੀ ਹੁਰਾਂ ਨੇ ਨਵੇਂ ਅਹੁਦੇਦਾਰਾਂ ਨੂੰ ਵਧਾਈ ਦਿੱਤੀ ਅਤੇ ਜਥੇਬੰਦੀ ਵਿੱਚ ਸ਼ਾਮਿਲ ਹੋਣ ਲਈ ਸਵਾਗਤ ਕੀਤਾ। ਇਸ ਮੌਕੇ ਸ੍ਰ ਮਹਿੰਦਰ ਸਿੰਘ, ਸ੍ਰ ਰਣਜੀਤ ਸਿੰਘ, ਸ੍ਰ ਗੁਰਵਿੰਦਰ ਸਿੰਘ, ਸ੍ਰ ਹਰਦੀਪ ਸਿੰਘ, ਸ੍ਰ ਗੁਰਵਿੰਦਰ ਸਿੰਘ, ਸ੍ਰ ਕਰਨੈਲ ਸਿੰਘ, ਸ੍ਰ ਪ੍ਰਭਜੋਤ ਸਿੰਘ ਹਾਜ਼ਰ ਸਨ।

## ਰਣਧੀਰ ਦਾ ਸਨਮਾਨ ਸਮਾਰੋਹ ਅਤੇ ਕਵੀ ਦਰਬਾਰ ਕਰਵਾਇਆ

ਸੰਗਰੂਰ 29 ਜੂਨ (ਆਵਾਜ਼ਿ ਕੌਮ ਬਿਊਰੋ)– ਅੱਜ ਜ਼ਿਲ੍ਹਾ ਭਾਸ਼ਾ ਦਫ਼ਤਰ, ਸੰਗਰੂਰ ਵਿਖੇ ਮਾਣਯੋਗ ਮੁੱਖ ਮੰਤਰੀ, ਪੰਜਾਬ ਸ੍ਰ. ਭਗਵੰਤ ਸਿੰਘ ਮਾਨ, ਮਾਣਯੋਗ ਉਚੇਰੀ ਸਿੱਖਿਆ ਅਤੇ ਭਾਸ਼ਾਵਾਂ ਮੰਤਰੀ, ਪੰਜਾਬ ਸ੍ਰ. ਹਰਜੋਤ ਸਿੰਘ ਬੈਂਸ ਦੀ ਯੋਗ ਸਰਪ੍ਰਸਤੀ ਹੇਠ ਅਤੇ ਡਾਇਰੈਕਟਰ ਭਾਸ਼ਾ ਵਿਭਾਗ ਪੰਜਾਬ ਸ੍ਰ. ਜਸਵੰਤ ਸਿੰਘ ਜ਼ਫ਼ਰ ਦੀ ਨਿਰਦੇਸ਼ਨਾ ਹੇਠ ਪੰਜਾਬੀ ਦੇ ਉਘੇ ਸ਼ਾਇਰ ਰਣਧੀਰ ਦੀ ਕਾਵਿ–ਪੁਸਤਕ ਖ਼ਤ ਜੋ ਲਿਖਣੋ ਰਹਿ ਗਏ ਨੂੰ ਭਾਰਤੀ ਸਾਹਿਤ ਅਕਾਦਮੀ ਦਾ ਯੁਵਾ ਪੁਰਸਕਾਰ ਮਿਲਣ ਤੇ ਸਨਮਾਨ ਸਮਾਰੋਹ ਅਤੇ ਕਵੀ ਦਰਬਾਰ ਕਰਵਾਇਆ ਗਿਆ। ਸਮਾਗਮ ਦੀ ਸ਼ੁਰੂਆਤ ਵਿੱਚ ਡਾ. ਰਣਜੋਧ ਸਿੰਘ ਜ਼ਿਲ੍ਹਾ ਭਾਸ਼ਾ ਅਫ਼ਸਰ, ਸੰਗਰੂਰ ਨੇ ਜੀ ਆਇਆਂ ਨੂੰ ਆਖਦਿਆਂ ਰਣਧੀਰ ਨੂੰ ਐਵਾਰਡ ਮਿਲਣ ਤੇ ਵਧਾਈ ਦਿਤੀ ।ਪੁਸਤਕ ਤੇ ਵਿਦਵਤਾ ਭਰਪੂਰ ਪੇਪਰ ਡਾ. ਇਕਬਾਲ ਸਿੰਘ ਸਕਰੌਦੀ ਨੇ ਪੇਸ਼ ਕੀਤਾ। ਡਾ. ਸਿੰਘ ਨੇ ਕਿਹਾ ਕਿ ਰਣਧੀਰ ਸੰਘਰਸ਼ਸ਼ੀਲ ਜੀਵਨ ਵਿਚੋਂ ਨਿਕਲਿਆ ਉਹ ਹੀਰਾ ਹੈ, ਜਿਸ ਦੀ ਚਮਕ ਨਾਲ ਹਾਸ਼ੀਏ ਤੇ ਧੱਕੇ ਲੋਕ ਅਤੇ ਝੁੱਗੀ ਝੌਂਪੜੀ ਵਿੱਚ ਰਹਿੰਦੇ ਲੋਕਾਂ ਦੇ ਜਿਵਨ ਵਿੱਚ ਰੌਸ਼ਨੀ ਆਵੇਗੀ। ਵਿਸ਼ੇਸ਼ ਮਹਿਮਾਨ ਪ੍ਰੋ ਸੁਖਵਿੰਦਰ ਸਿੰਘ ਪਰਮਾਰ (ਡਾ.) ਨੇ ਆਖਿਆ ਕਿ ਰਣਧੀਰ ਦੀ ਕਵਿਤਾ ’ ਮੈਂ ਮੂਲਕ’ ਹੈ ਅਤੇ ਵਿਦਵਾਨਾਂ ਵਲੋਂ ਇਸ ਦੀ ਪਹਿਚਾਣ ਕੀਤੀ ਗਈ ਹੈ। ਮੁੱਖ ਮਹਿਮਾਨ ਸ੍ਰੀ ਮੂਲ ਚੰਦ ਸ਼ਰਮਾ ਪ੍ਰਧਾਨ ਪੰਜਾਬੀ ਸਾਹਿਤ ਸਭਾ ਧੂਰੀ ਨੇ ਨਰੋਆ ਸਾਹਿਤ ਸਿਰਜਣ ਦੀ ਲੋੜ ਤੇ ਜੋਰ ਦਿੱਤਾ ਅਤੇ ਰਣਧੀਰ ਦੀ ਸਾਹਿਤਕ ਦੇਣ ਦੀ ਚਰਚਾ ਕਰਦਿਆਂ ਆਪਣੇ ਆਦਰਸ਼ਾਂ ਦੀ ਪ੍ਰਾਪਤੀ ਕਰਨ ਲਈ ਟੀਚੇ ਮਿਥਣ ਦੀ ਪ੍ਰੇਰਨਾ ਦਿੱਤੀ। ਕਰਮ ਸਿੰਘ ਜਖਮੀ ਨੇ ਪ੍ਰਧਾਨਗੀ ਭਾਸ਼ਣ ਦੌਰਾਨ ਕਿਹਾ ਕਿ ਖ਼ਤ ਜੋ ਲਿਖਣੋ ਰਹਿ ਗਏ ਪੁਸਤਕ ਦੀ ਐਵਾਰਡ ਲਈ ਸਹੀ ਚੋਣ ਹੋਈ ਹੈ ।ਉਨ੍ਹਾਂ ਕਿਹਾ ਕਿ ਵਧੀਆ ਕਿਤਾਬਾਂ ਨੂੰ ਭੂਮਿਕਾ ਦੀ ਲੋੜ ਨਹੀਂ ਹੁੰਦੀ, ਉਨ੍ਹਾਂ ਕਿਤਾਬਾ ਅਤੇ ਰਸਾਲੇ ਮੁੱਲ ਲੈ ਕੇ ਪੜ੍ਹਨ ਦੀ ਵੀ ਅਪੀਲ ਕੀਤੀ ਸਮਾਗਮ ਦੇ ਦੂਜੇ ਦੌਰ ਵਿੱਚ ਵਿਸ਼ਾਲ ਕਵੀ ਦਰਬਾਰ ਦਾ ਆਯੋਜਨ ਕੀਤਾ ਗਿਆ ਜਿਸ ਵਿੱਚ ਸਰਵ ਸ੍ਰੀ ਸੁਰਿੰਦਰਪਾਲ ਸਿੰਘ ਸਿਦਕੀ, ਰਣਜੀਤ ਅਜਾਦ ਕਾਂਝਲਾ, ਪਵਨ ਹੋਸ਼ੀ, ਮੀਤ ਸਕਰੌਦੀ, ਸੰਦੀਪ ਬਾਦਸ਼ਾਹਪੁਰੀ, ਗਗਨਦੀਪ ਸੱਪਲ, ਭਪਿੰਦਰ ਨਾਗਪਾਲ, ਗ਼ਜ਼ਲਗੋ, ਗਗਨਦੀਪ ਸੰਗਰੂਰ, ਪੰਮੀ ਫੱਗੂਵਾਲੀਆ, ਹਰਪ੍ਰੀਤ ਸਿੰਘ, ਫੂਡ ਸਪਲਾਈ, ਪਿਆਰਾ ਸਿੰਘ, ਹਰਸ਼ਵੀਰ ਸਿੰਘ, ਆਦਿ ਕਵੀਆਂ ਨੇ ਆਪਣੇ ਵੱਖ–ਵੱਖ ਵਿਸ਼ਿਆ ਤੇ ਕਲਾਮ ਪੇਸ਼ ਕੀਤੇ ਅਤੇ ਕੁਲਵੰਤ ਖਨੌਰੀ ਨੇ ਪੁਰਾਤਨ ਸਾਜਾਂ ਨਾਲ ਖ਼ੂਬ ਰੰਗ ਬੰਨਿਆ।

## ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਆਯੋਜਿਤ

# ਗੁਰਮਤਿ ਸਿਖਲਾਈ ਕੈਂਪ 2024 ਧਰਮ ਪ੍ਰਚਾਰ ਵਿੰਗ ਵਲੋਂ ਨਾਰਨੌਲ ਮਹਿੰਦਰਗੜ੍ਹ ਵਿਖੇ ਲਗਾਤਾਰ ਇੱਕ ਮਹੀਨਾ ਤੋਂ ਬਾਅਦ ਸਮਾਪਤ
















ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਗੁਰਮਤਿ ਸਿਖਲਾਈ ਕੈਂਪ 2024 ਧਰਮ ਪ੍ਰਚਾਰ ਵਿੰਗ ਵਲੋਂ ਨਾਰਨੌਲ ਮਹਿੰਦਰਗੜ੍ਹ ਵਿਖੇ ਲਗਾਤਾਰ ਇੱਕ ਮਹੀਨਾ ਚਲਾਇਆ ਗਿਆ ਜਿਸ ਦੇ ਅੱਜ ਸਮਾਪਤੀ ਗੁਰਮਤਿ ਸਮਾਗਮ ਹੋਏ ਜਿਸ ਵਿੱਚ ਬੱਚਿਆਂ ਨੂੰ ਸਰਟੀਫਿਕੇਟ ਅਤੇ ਗਿਫਟ ਵੰਡੇ ਗਏ ਹਰਿਆਣਾ ਕਮੇਟੀ ਦੇ ਪ੍ਰਚਾਰਕ ਗਿ: ਗੋਪਾਲ ਸਿੰਘ ਨੇ ਰੋਜ਼ਾਨਾ ਬੱਚੇ ਬੱਚੀਆਂ ਨੂੰ ਗੁਰਬਾਣੀ ਗੁਰਮਤਿ ਗੁਰਮੁਖੀ ਦੀ ਸਿਖਲਾਈ ਦਿੱਤੀ 160 ਦੇ ਕਰੀਬ ਬੱਚਿਆਂ ਨੇ ਭਾਗ ਲਿਆ ਤਜਿੰਦਰਪਾਲ ਸਿੰਘ ਨਾਰਨੌਲ ਅੰਤ੍ਰਿੰਗ ਮੈਂਬਰ ਵੱਲੋਂ ਸੰਗਤਾਂ ਦੀ ਅਣਥੱਕ ਸੇਵਾ ਕੀਤੀ ਗਈ ਸਮਾਪਤੀ ਸਮਾਗਮਾਂ ਵਿੱਚ ਭਾਈ ਗੁਰਸੇਵਕ ਸਿੰਘ ਰੰਗੀਲਾ ਹਜ਼ੂਰੀ ਰਾਗੀ ਜੱਥਾ ਗੁਰਦੁਆਰਾ ਦਾਦੂ ਸਾਹਿਬ,ਧਰਮ ਪ੍ਰਚਾਰ ਵਿੰਗ ਦੇ ਜੱਥੇ ਕਵੀਸ਼ਰ ਭਾਈ ਗੁਰਮੀਤ ਸਿੰਘ,ਢਾਡੀ ਜੱਥਾ ਭਾਈ ਜਸਵੰਤ ਸਿੰਘ ਬਡਾਨਾ,ਢਾਡੀ ਭਾਈ ਗੁਰਸੇਵਕ ਸਿੰਘ ਚਮਕਾਰਾ ਨੇ ਗੁਰਬਾਣੀ ਗੁਰਇਤਿਹਾਸ ਨਾਲ ਸੰਗਤਾਂ ਨੂੰ ਜੋੜਿਆ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸੰਗਤਾਂ ਨਾਲ ਗੁਰਮਤਿ ਵਿਚਾਰ ਸਾਂਝੇ ਕੀਤੇ ਗਏ ਇਸ ਸਮੇਂ ਸ੍ਰ. ਸਰਬਜੀਤ ਸਿੰਘ ਜੰਮੂ ਸਕੱਤਰ ਧਰਮ ਪ੍ਰਚਾਰ,ਜਥੇਦਾਰ ਸਿਕੰਦਰ ਸਿੰਘ ਵਰਾਣਾ ਇੰਚਾਰਜ ਸਭ ਦਫਤਰ ਧਰਮ ਪ੍ਰਚਾਰ ਨਾਢਾ ਸਾਹਿਬ,ਇੰਚਾਰਜ ਧਰਮ ਪ੍ਰਚਾਰ ਭਾਈ ਗੁਰਭੇਜ ਸਿੰਘ ਕੁਰੂਕਸ਼ੇਤਰ ਵੀ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV